ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245 31/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 1 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੧੯ ਵੇਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

# ਮਜ਼ਦੂਰ ਦਿਵਸ ਦੀਆਂ

## ਕਾਹਦੀਆਂ ਮੁਬਾਰਕਾਂ !



ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 1 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੧੯ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਮੁੜ ਤੋਂ ਕਸੂਤੇ ਫਸੇ ਮਨੀਸ਼ ਸਿਸੋਦੀਆ ਤੇ ਸਤੇਂਦਰ ਜੈਨ ਖ਼ਿਲਾਫ਼ 2000 ਕਰੋੜ ਦੇ ਇੱਕ ਹੋਰ ਘੁਟਾਲੇ 'ਚ ਐਫ. ਆਈ. ਆਰ. ਦਰਜ

**ਨਵੀਂ ਦਿੱਲੀ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਸਾਬਕਾ ਮੁੱਖ ਮੰਤਰੀ ਮਨੀਸ਼ ਸਿਸੋਦੀਆ ਤੇ ਸਾਬਕਾ ਸਿਹਤ ਮੰਤਰੀ ਸਤੇਂਦਰ ਜੈਨ ਜੋ ਕਥਿਤ ਸ਼ਰਾਬ ਘੁਟਾਲੇ ਤੇ ਮਨੀ ਲਾਂਡਰਿੰਗ ਮਾਮਲੇ ਵਿੱਚ ਲੰਬੇ ਸਮੇਂ ਤੋਂ ਜੇਲ੍ਹ ਵਿੱਚ ਸਨ, ਉਹ ਹੁਣ ਨਵੀਂ ਮੁਸੀਬਤ ਵਿੱਚ ਫਸ ਗਏ ਹਨ। ਕਥਿਤ ਕਲਾਸਰੂਮ ਘੁਟਾਲੇ ਵਿੱਚ ਹੁਣ ਆਮ ਆਦਮੀ ਪਾਰਟੀ ਦੇ ਦੋਵਾਂ ਸੀਨੀਅਰ ਆਗੂਆਂ ਖ਼ਿਲਾਫ਼ ਕੇਸ ਦਰਜ ਕਰ ਲਿਆ ਗਿਆ ਹੈ। ਦਿੱਲੀ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੋਧੀ ਸ਼ਾਖਾ ਨੇ ਸਰਕਾਰੀ ਸਕੂਲਾਂ ਵਿੱਚ ਨਵੇਂ ਕਲਾਸਰੂਮਾਂ ਦੀ ਉਸਾਰੀ ਵਿੱਚ 2,000 ਕਰੋੜ ਰੁਪਏ ਦੇ ਘੁਟਾਲੇ ਦਾ ਦੋਸ਼ ਲਗਾਇਆ ਹੈ ਤੇ ਉਸ ਸਮੇਂ ਦੇ ਸਿੱਖਿਆ ਮੰਤਰੀ ਸਤੇਂਦਰ ਜੈਨ ਤੇ ਸਾਬਕਾ ਮੰਤਰੀ ਸਤੇਂਦਰ ਜੈਨ ਵਿਰੁੱਧ ਕੇਸ ਦਰਜ ਕੀਤਾ ਹੈ। ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਦਿੱਲੀ ਵਿੱਚ ਆਮ ਆਦਮੀ ਪਾਰਟੀ ਸਰਕਾਰ ਦੇ ਰਾਜ ਦੌਰਾਨ 12,748 ਕਲਾਸਰੂਮਾਂ/ਇਮਾਰਤਾਂ ਦੀ ਉਸਾਰੀ ਵਿੱਚ 2,000 ਕਰੋੜ ਰੁਪਏ ਦਾ ਵੱਡਾ ਘੁਟਾਲਾ ਸਾਹਮਣੇ ਆਇਆ ਹੈ। ਇਹ ਪ੍ਰੋਜੈਕਟ ਕਥਿਤ ਤੌਰ 'ਤੇ ਆਮ ਆਦਮੀ ਪਾਰਟੀ ਨਾਲ ਜੁੜੇ ਕੁਝ ਠੇਕੇਦਾਰਾਂ ਨੂੰ ਦਿੱਤਾ ਗਿਆ ਸੀ। ਇੱਕ ਵੀ ਕੰਮ ਨਿਰਧਾਰਤ ਸਮੇਂ ਦੇ ਅੰਦਰ ਪੂਰਾ ਨਹੀਂ ਹੋਇਆ। ACB ਦਾ ਕਹਿਣਾ ਹੈ ਕਿ ਸਲਾਹਕਾਰਾਂ ਤੇ ਆਰਕੀਟੈਕਟ ਨੂੰ ਸਹੀ ਪ੍ਰਕਿਰਿਆ ਦੀ ਪਾਲਣਾ ਕੀਤੇ ਬਿਨਾਂ ਨਿਯੁਕਤ ਕੀਤਾ ਗਿਆ ਸੀ ਤੇ ਉਨ੍ਹਾਂ ਰਾਹੀਂ ਲਾਗਤ ਵਧਾਈ ਗਈ ਸੀ। ਸੀਵੀਸੀ ਦੀ ਮੁੱਖ ਤਕਨੀਕੀ ਜਾਂਚਕਰਤਾ ਰਿਪੋਰਟ ਨੇ ਪ੍ਰੋਜੈਕਟ ਵਿੱਚ ਕਈ ਖਾਮੀਆਂ ਵੱਲ ਇਸ਼ਾਰਾ ਕੀਤਾ ਤੇ ਰਿਪੋਰਟ ਨੂੰ ਲਗਭਗ 03 ਸਾਲਾਂ ਤੱਕ ਦਬਾ ਦਿੱਤਾ ਗਿਆ।

### ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ !

# ਮੰਦਰ ਦੇ ਬਾਹਰ ਲਹਿਰਾਇਆ ਪਾਕਿਸਤਾਨੀ ਝੰਡਾ




**ਲੁਧਿਆਣਾ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਦੇ ਹੈਬੋਵਾਲ ਵਿੱਚ ਹਨੂੰਮਾਨ ਮੰਦਰ ਦੇ ਬਾਹਰ ਪਾਕਿਸਤਾਨੀ ਝੰਡਾ ਲਹਿਰਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਮੰਗਲਵਾਰ ਸ਼ਾਮ ਨੂੰ ਵਾਪਰੀ ਇਸ ਘਟਨਾ ਵਿੱਚ ਪੁਲਿਸ ਨੇ ਸੀਸੀਟੀਵੀ ਫੁਟੇਜ ਦੇ ਆਧਾਰ 'ਤੇ ਮੁਲਜ਼ਮ ਦੀ ਪਛਾਣ ਕਰ ਲਈ ਹੈ। ਦੋਸ਼ੀ ਦਾ ਨਾਮ ਵਿਕਰਮ ਆਨੰਦ ਹੈ, ਜੋ ਕਿ ਲੁਧਿਆਣਾ ਦਾ ਰਹਿਣ ਵਾਲਾ ਹੈ। ਮੰਦਰ ਕਮੇਟੀ ਦੇ ਚੇਅਰਮੈਨ ਰਿਸ਼ੀ ਜੈਨ ਅਨੁਸਾਰ ਸ਼ਾਮ 5 ਵਜੇ ਦੇ ਕਰੀਬ ਦੋ ਅਣਪਛਾਤੇ ਵਿਅਕਤੀ ਸਕੂਟਰ 'ਤੇ ਆਏ। ਉਨ੍ਹਾਂ ਨੇ ਮੰਦਰ ਦੇ ਮੁੱਖ ਗੇਟ ਦੇ ਬਾਹਰ ਜ਼ਮੀਨ 'ਤੇ ਪਾਕਿਸਤਾਨੀ ਝੰਡੇ ਰੱਖ ਦਿੱਤੇ ਤੇ ਇੱਕ ਐਕਟਿਵਾ 'ਤੇ ਭੱਜ ਗਏ। ਇਹ ਸਾਰੀ ਘਟਨਾ ਮੰਦਰ ਦੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ। ਹੈਬੋਵਾਲ ਪੁਲਿਸ ਸਟੇਸ਼ਨ ਦੇ ਸਟੇਸ਼ਨ ਹਾਊਸ ਅਫ਼ਸਰ ਨੇ ਦੱਸਿਆ ਕਿ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਿਸ ਦੋਸ਼ੀ ਵਿਕਰਮ ਆਨੰਦ ਨੂੰ ਗ੍ਰਿਫ਼ਤਾਰ ਕਰਨ ਲਈ ਕਾਰਵਾਈ ਕਰ ਰਹੀ ਹੈ। ਮੰਦਰ ਦੇ ਅਧਿਕਾਰੀ ਅਨੁਜ ਮਦਾਨ ਨੇ ਕਿਹਾ ਕਿ ਬਾਲਾਜੀ ਦੀ ਚੌਕੀ ਹਰ ਮੰਗਲਵਾਰ ਨੂੰ ਲਗਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਮੰਦਰ ਦੇ ਬਾਹਰ ਪਾਕਿਸਤਾਨ ਦਾ ਝੰਡਾ ਲਹਿਰਾ ਕੇ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਪੁਲਿਸ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਇਹ ਕਾਰਵਾਈ ਪਹਿਲਗਾਮ ਅੱਤਵਾਦੀ ਹਮਲੇ ਦੇ ਵਿਰੋਧ ਵਿੱਚ ਕੀਤੀ ਗਈ ਸੀ ਜਾਂ ਪਾਕਿਸਤਾਨ ਦੇ ਸਮਰਥਨ ਵਿੱਚ ਕੀਤੀ ਗਈ ਹੈ।


## ਜੰਗ ਦੇ ਮਾਹੌਲ 'ਚ ਵੀ ਸਾਜ਼ਿਸ਼ਾਂ ਕਰ ਰਿਹਾ ਪੰਨੂ, ਹੁਣ ਆਰਮੀ ਸਕੂਲ ਦੀਆਂ ਕੰਧਾਂ 'ਤੇ ਲਿਖਵਾਏ ਖ਼ਾਲਿਸਤਾਨੀ ਨਾਅਰੇ



ਖਾਲਿਸਤਾਨ ਪੱਖੀ ਸਮੂਹ ਸਿੱਖ ਫਾਰ ਜਸਟਿਸ ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਨੇ ਦਾਅਵਾ ਕੀਤਾ ਹੈ ਕਿ ਪਟਿਆਲਾ ਕੈਂਟ ਖੇਤਰ ਦੇ ਆਰਮੀ ਸਕੂਲ ਦੀਆਂ ਕੰਧਾਂ 'ਤੇ ਖਾਲਿਸਤਾਨ ਤੇ ਪਾਕਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਿਖੇ ਗਏ ਹਨ। ਭਾਈ ਪੰਨੂ ਨੇ ਵੀਡੀਓ ਵਿੱਚ ਕੰਧ 'ਤੇ ਲਿਖੇ ਨਾਅਰੇ ਦਿਖਾਏ। ਵੀਡੀਓ ਵਿੱਚ ਭਾਈ ਨੇ ਆਰਮੀ ਸਕੂਲ ਵਿੱਚ ਪੜ੍ਹ ਰਹੇ ਬੱਚਿਆਂ ਨੂੰ ਵੀ ਭੜਕਾਇਆ। ਉਸਨੇ ਕਿਹਾ ਕਿ ਤੁਹਾਡੇ ਪਰਿਵਾਰਕ ਮੈਂਬਰ ਪਾਕਿਸਤਾਨ ਨਾਲ ਜੰਗ ਵਿੱਚ ਮਾਰੇ ਜਾ ਸਕਦੇ ਹਨ। 1971 ਦੀ ਜੰਗ ਵਾਂਗ ਮਾਰੇ ਜਾਣਗੇ। ਆਰਮੀ ਸਕੂਲ ਦੇ ਬੱਚਿਆਂ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੇ ਪਰਿਵਾਰਾਂ ਨੂੰ ਬਚਾਉਣ। ਹਾਲਾਂਕਿ, ਅਦਾਰਾ 'ਆਵਾਜ਼ਿ ਕੌਮ' ਇਸ ਵੀਡੀਓ ਦੀ ਪੁਸ਼ਟੀ ਨਹੀਂ ਕਰਦਾ ਹੈ। ਵੀਡੀਓ ਸਾਹਮਣੇ ਆਉਣ ਤੋਂ ਬਾਅਦ, ਪਟਿਆਲਾ ਪੁਲਿਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। 31 ਮਾਰਚ ਨੂੰ ਵੀ ਭਾਈ ਪੰਨੂ ਨੇ ਇੱਕ ਵੀਡੀਓ ਜਾਰੀ ਕੀਤਾ ਸੀ ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਫਿਲੌਰ ਦੇ ਨੰਗਲ ਇਲਾਕੇ ਵਿੱਚ ਡਾ. ਭੀਮ ਰਾਓ ਅੰਬੇਡਕਰ ਦੀ ਮੂਰਤੀ ਉੱਤੇ ਖਾਲਿਸਤਾਨੀ ਨਾਅਰੇ ਲਿਖੇ ਗਏ ਹਨ। ਜਲੰਧਰ ਪੁਲਿਸ ਨੇ ਕਾਰਵਾਈ ਕਰਦਿਆਂ ਇਸ ਮਾਮਲੇ ਵਿੱਚ 2 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ। ਇਨ੍ਹਾਂ ਦੀ ਪਛਾਣ ਸੁਖਬੀਰ ਸਿੰਘ ਉਰਫ ਰਾਜਨ ਅਤੇ ਅਵਤਾਰ ਸਿੰਘ ਉਰਫ ਤਾਰੀ ਵਾਸੀ ਨਕੋਦਰ ਵਜੋਂ ਹੋਈ ਹੈ। ਪੁਲਿਸ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਦੋਵੇਂ ਕਿਸੇ ਤੀਜੇ ਵਿਅਕਤੀ ਰਾਹੀਂ ਭਾਈ ਪੰਨੂ ਨਾਲ ਜੁੜੇ ਹੋਏ ਸਨ।

## ਮੋਦੀ ਸਰਕਾਰ ਦੇਸ਼ ਭਰ 'ਚ ਕਰਵਾਏਗੀ ਜਾਤੀ ਜਨਗਣਨਾ, ਕੈਬਨਿਟ ਮੀਟਿੰਗ ਵਿੱਚ ਲਿਆ ਫੈਸਲਾ

**ਲੁਧਿਆਣਾ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਬੁੱਧਵਾਰ ਨੂੰ 'ਸੁਪਰ ਕੈਬਨਿਟ' ਮੀਟਿੰਗ ਹੋਈ, ਜਿਸ ਵਿੱਚ ਕੇਂਦਰੀ ਕੈਬਨਿਟ ਦੇ ਕੁਝ ਉੱਚ



ਮੰਤਰੀ ਮੌਜੂਦ ਸਨ। ਇਸ ਵਿੱਚ ਜਾਤੀ ਜਨਗਣਨਾ ਸਮੇਤ ਕਈ ਮਹੱਤਵਪੂਰਨ ਫੈਸਲੇ ਲਏ ਗਏ। ਨਰਿੰਦਰ ਮੋਦੀ ਸਰਕਾਰ ਨੇ ਜਾਤੀ ਜਨਗਣਨਾ ਕਰਵਾਉਣ ਦਾ ਫੈਸਲਾ ਕੀਤਾ ਹੈ। ਮੀਟਿੰਗ ਤੋਂ ਬਾਅਦ ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਇੱਕ ਪ੍ਰੈਸ ਬ੍ਰੀਫਿੰਗ ਵਿੱਚ ਦੱਸਿਆ ਕਿ ਆਉਣ ਵਾਲੀ ਜਨਗਣਨਾ ਵਿੱਚ ਜਾਤੀਆਂ ਦੀ ਵੀ ਜਨਗਣਨਾ ਕਰਵਾਈ ਜਾਵੇਗੀ। ਦਰਅਸਲ, ਰਾਜਨੀਤਿਕ ਮਾਮਲਿਆਂ ਬਾਰੇ ਕੈਬਨਿਟ ਕਮੇਟੀ ਯਾਨੀ CCPA ਨੂੰ 'ਸੁਪਰ ਕੈਬਨਿਟ' ਕਿਹਾ ਜਾਂਦਾ ਹੈ ਕਿਉਂਕਿ ਇਸ ਵਿੱਚ ਕੇਂਦਰੀ ਕੈਬਨਿਟ ਦੇ ਉੱਚ ਮੰਤਰੀ ਸ਼ਾਮਲ ਹੁੰਦੇ ਹਨ। ਸੀਸੀਪੀਏ ਦੇ ਮੌਜੂਦਾ ਮੈਂਬਰਾਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸ਼ਾਮਲ ਹਨ, ਜੋ ਇਸਦੇ ਚੇਅਰਪਰਸਨ ਹਨ। ਇਸ ਦੇ ਨਾਲ ਹੀ ਰੱਖਿਆ ਮੰਤਰੀ ਰਾਜਨਾਥ ਸਿੰਘ, ਗ੍ਰਹਿ ਮੰਤਰੀ ਅਮਿਤ ਸ਼ਾਹ, ਸੜਕ ਆਵਾਜਾਈ ਮੰਤਰੀ ਨਿਤਿਨ ਗਡਕਰੀ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਅਤੇ ਵਣਜ ਮੰਤਰੀ ਪਿਊਸ਼ ਗੋਇਲ ਵੀ ਇਸ ਵਿੱਚ ਸ਼ਾਮਲ ਹਨ। ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਅੱਜ ਹੋਈ ਰਾਜਨੀਤਿਕ ਮਾਮਲਿਆਂ ਬਾਰੇ ਕੈਬਨਿਟ ਕਮੇਟੀ ਦੀ ਮੀਟਿੰਗ ਵਿੱਚ ਇਹ ਫੈਸਲਾ ਲਿਆ ਗਿਆ ਹੈ ਕਿ ਅਗਲੀ ਜਨਗਣਨਾ ਵਿੱਚ ਜਾਤੀ ਜਨਗਣਨਾ ਨੂੰ ਸ਼ਾਮਲ ਕੀਤਾ ਜਾਵੇਗਾ। ਇਸ ਨੂੰ ਇੱਕ ਇਤਿਹਾਸਕ ਕਦਮ ਮੰਨਿਆ ਜਾ ਰਿਹਾ ਹੈ, ਕਿਉਂਕਿ ਹੁਣ ਤੱਕ ਜਾਤੀ ਜਨਗਣਨਾ ਮੁੱਢਲੀ ਜਨਗਣਨਾ ਦਾ ਹਿੱਸਾ ਨਹੀਂ ਰਹੀ ਹੈ। ਉਨ੍ਹਾਂ ਕਿਹਾ, "ਕੁਝ ਰਾਜਾਂ ਨੇ ਆਪਣੇ ਪੱਧਰ 'ਤੇ ਜਾਤੀ ਸਰਵੇਖਣ ਕੀਤੇ ਹਨ ਪਰ ਸਮਾਜਿਕ ਤਾਣੇ-ਬਾਣੇ ਨੂੰ ਸਮਝਣ ਲਈ ਇੱਕ ਸੰਪੂਰਨ ਪਹੁੰਚ ਜ਼ਰੂਰੀ ਹੈ। ਸੀਸੀਪੀਏ ਨੇ ਫੈਸਲਾ ਕੀਤਾ ਹੈ ਕਿ ਹੁਣ ਜਾਤੀਆਂ ਦੀ ਗਿਣਤੀ ਅਗਲੀ ਜਨਗਣਨਾ ਵਿੱਚ ਕੀਤੀ ਜਾਵੇਗੀ, ਕਿਸੇ ਵੱਖਰੇ ਸਰਵੇਖਣ ਤਹਿਤ ਨਹੀਂ।" ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਸ਼ਿਲਾਂਗ ਅਤੇ ਸਿਲਚਰ ਵਿਚਕਾਰ ਇੱਕ ਨਵੇਂ ਹਾਈਵੇਅ ਦੇ ਨਿਰਮਾਣ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਸਦੀ ਕੁੱਲ ਲਾਗਤ 22,864 ਕਰੋੜ ਰੁਪਏ ਹੋਵੇਗੀ। ਇਸ ਦੇ ਨਾਲ ਹੀ, 2025-26 ਦੇ ਗੰਨੇ ਦੇ ਸੀਜ਼ਨ ਲਈ ਕਿਸਾਨਾਂ ਨੂੰ ਰਾਹਤ ਦਿੰਦੇ ਹੋਏ, 355 ਰੁਪਏ ਪ੍ਰਤੀ ਕੁਇੰਟਲ ਦੇ ਘੱਟੋ-ਘੱਟ ਸਮਰਥਨ ਮੁੱਲ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰਾਂ ਨੇ ਅੱਜ ਤੱਕ ਜਾਤੀ ਜਨਗਣਨਾ ਦਾ ਵਿਰੋਧ ਕੀਤਾ ਹੈ। ਆਜ਼ਾਦੀ ਤੋਂ ਬਾਅਦ ਸਾਰੀਆਂ ਜਨਗਣਨਾਵਾਂ ਵਿੱਚ ਜਾਤੀਆਂ ਦੀ ਗਿਣਤੀ ਨਹੀਂ ਕੀਤੀ ਗਈ। ਸਾਲ 2010 ਵਿੱਚ ਤਤਕਾਲੀ ਪ੍ਰਧਾਨ ਮੰਤਰੀ ਸਵ. ਡਾ. ਮਨਮੋਹਨ ਸਿੰਘ ਨੇ ਲੋਕ ਸਭਾ ਵਿੱਚ ਭਰੋਸਾ ਦਿੱਤਾ ਸੀ ਕਿ ਜਾਤੀ ਜਨਗਣਨਾ 'ਤੇ ਕੈਬਨਿਟ ਵਿੱਚ ਵਿਚਾਰ ਕੀਤਾ ਜਾਵੇਗਾ। ਇਸ ਤੋਂ ਬਾਅਦ ਇੱਕ ਕੈਬਨਿਟ ਸਮੂਹ ਵੀ ਬਣਾਇਆ ਗਿਆ, ਜਿਸ ਵਿੱਚ ਜ਼ਿਆਦਾਤਰ ਰਾਜਨੀਤਿਕ ਪਾਰਟੀਆਂ ਨੇ ਜਾਤੀ ਅਧਾਰਤ ਜਨਗਣਨਾ ਦੀ ਸਿਫਾਰਸ਼ ਕੀਤੀ। ਇਸ ਦੇ ਬਾਵਜੂਦ ਕਾਂਗਰਸ ਸਰਕਾਰ ਨੇ ਜਾਤੀ ਜਨਗਣਨਾ ਦੀ ਬਜਾਏ ਇੱਕ ਸਰਵੇਖਣ ਕਰਵਾਉਣਾ ਉਚਿਤ ਸਮਝਿਆ, ਜਿਸਨੂੰ SECC ਵਜੋਂ ਜਾਣਿਆ ਜਾਂਦਾ ਹੈ।

## ਸ਼੍ਰੋਮਣੀ ਕਮੇਟੀ ਦਾ ਵਿਸਾਖੀ ਦੁਰਘਟਨਾ ਸਬੰਧੀ ਪੱਖਪਾਤੀ ਦੋਹਰੇ ਮਾਪਦੰਡ ਵਾਲਾ ਕਿਰਦਾਰ ਬੇਹੱਦ ਮੰਦਭਾਗਾ - ਜਥੇਦਾਰ ਦਾਦੂਵਾਲ

**ਤਲਵੰਡੀ ਸਾਬੋ, 30 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਖਾਲਸਾ ਸਾਜਨਾ ਦਿਵਸ ਵਿਸਾਖੀ ਦੇ ਦਿਹਾੜੇ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ 2 ਬੱਚਿਆਂ ਦੀ ਮੌਤ ਦੀ ਘਟਨਾ ਅਤਿ ਦੁਖਦਾਈ ਹੈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਧੀਆ ਪ੍ਰਬੰਧ ਕਰਕੇ ਇਹੋ ਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕਦਾ ਸੀ ਪਰ ਪ੍ਰਬੰਧਾਂ ਦੀ ਕਮੀ ਕਾਰਨ ਇਹ ਘਟਨਾਵਾਂ ਸਾਹਮਣੇ ਆਈਆਂ ਜੋ ਕੇ ਚਿੰਤਾਜਨਕ ਅਤੇ ਦੁਖਦਾਈ ਹਨ ਪਰ ਇਨਾਂ ਘਟਨਾਵਾਂ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ ਦਾ ਪੱਖਪਾਤੀ ਦੋਹਰੇ ਮਾਪਦੰਡ ਵਾਲਾ ਵਰਤਾਰਾ ਉਸ ਤੋਂ ਵੀ ਵੱਧ ਦੁਖਦਾਈ ਹੈ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ ਮੀਡੀਆ ਨਾਲ ਗੱਲਬਾਤ ਕਰਦਿਆਂ ਜਥੇਦਾਰ ਦਾਦੂਵਾਲ ਜੀ ਨੇ ਦੱਸਿਆ ਕੇ ਵਿਸਾਖੀ ਮੌਕੇ ਪਿੰਡ ਜੀਵਨ ਸਿੰਘ ਵਾਲਾ ਜਿਲਾ ਬਠਿੰਡਾ ਨਿਵਾਸੀ ਗਰੀਬ ਗੁਰਸਿੱਖ ਪ੍ਰੀਵਾਰ ਦਾ ਅੰਮ੍ਰਿਤਧਾਰੀ ਬੱਚਾ ਭਾਈ ਜਸਕੀਰਤ ਸਿੰਘ ਖਾਲਸਾ ਸਪੁੱਤਰ ਭਾਈ ਸੁਖਪਾਲ ਸਿੰਘ ਸਾਥੀਆਂ ਨਾਲ ਸਰੋਵਰ ਵਿੱਚ ਇਸ਼ਨਾਨ ਕਰਦਿਆਂ ਡੁੱਬਣ ਕਾਰਨ ਅਕਾਲ ਚਲਾਣਾ ਕਰ ਗਿਆ ਸੀ ਅਤੇ ਦੂਸਰਾ ਬੱਚਾ ਭਿੰਦਰ ਸਿੰਘ ਪਿੰਡ ਸੂਰਤੀਆ ਜ਼ਿਲਾ ਸਿਰਸਾ ਦਾ ਸੀ ਜੋ ਤਖ਼ਤ ਸਾਹਿਬ ਉੱਪਰ ਲੱਗੇ ਟੈਂਟ ਦੀਆਂ ਲੋਹੇ ਦੀਆਂ ਪਾਈਪਾਂ ਵਿੱਚ ਕਰੰਟ ਆਉਣ ਕਾਰਨ ਅਕਾਲ ਚਲਾਣਾ ਕਰ ਗਿਆ ਸੀ ਜਿਕਰਯੋਗ ਹੈ ਕਿ ਦੋਨੋਂ ਬੱਚੇ ਮਾਂ ਬਾਪ ਦੇ ਇਕਲੌਤੇ ਪੁੱਤਰ ਸਨ ਤਖ਼ਤ ਸਾਹਿਬ ਉੱਪਰ ਬਿਜਲੀ ਦਾ ਕਰੰਟ ਲੱਗਣ ਨਾਲ ਹੋਈ ਨੌਜਵਾਨ ਬੱਚੇ ਦੀ ਮੌਤ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਸਦੇ ਪਰਿਵਾਰ ਨੂੰ ਢਾਈ ਲੱਖ ਰੁਪਏ ਦੀ ਆਰਥਿਕ ਸਹਾਇਤਾ ਕੀਤੀ ਗਈ ਜੋ ਕੇ ਥੋੜੀ ਹੈ ਪਰ ਦੂਸਰੇ ਬੱਚੇ ਭਾਈ ਜਸਕੀਰਤ ਸਿੰਘ ਖਾਲਸਾ ਪਿੰਡ ਜੀਵਨਸਿੰਘਵਾਲਾ ਦੇ ਘਰ ਨਾ ਤਾਂ ਸ਼੍ਰੋਮਣੀ ਕਮੇਟੀ ਵੱਲੋਂ ਕੋਈ ਅਫਸੋਸ ਕਰਨ ਵਾਸਤੇ ਪੁੱਜਾ ਅਤੇ ਨਾ ਹੀ ਅੰਤਿਮ ਸੰਸਕਾਰ ਅਤੇ ਅੰਤਿਮ ਅਰਦਾਸ ਵਿੱਚ ਕੋਈ ਪੁੱਜਾ ਜਦੋਂ ਕੇ ਇਹ ਹਲਕਾ ਸ਼੍ਰੋਮਣੀ ਕਮੇਟੀ ਦੇ ਮੈਂਬਰ ਮੋਹਨ ਸਿੰਘ ਬੰਗੀ ਦੇ ਹਲਕੇ ਦਾ ਪਿੰਡ ਹੈ ਪਰ ਮੋਹਨ ਸਿੰਘ ਬੰਗੀ ਵੀ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਸਤੇ ਅੱਜ ਤੱਕ ਨਹੀਂ ਪੁੱਜਿਆ ਮੰਦਭਾਗੀ ਗੱਲ ਕੇ ਨਾ ਹੀ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਜਸਕੀਰਤ ਸਿੰਘ ਖਾਲਸਾ ਦੇ ਪਰਿਵਾਰ ਨੂੰ ਕੋਈ ਆਰਥਿਕ ਸਹਾਇਤਾ ਦਿੱਤੀ ਗਈ ਹੈ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਉਹ ਵੀ ਮਾਂ ਬਾਪ ਦਾ ਇਕਲੌਤਾ ਪੁੱਤ ਸੀ ਜਿਸ ਦੀ ਮਾਂ ਹਰਪ੍ਰੀਤ ਕੌਰ ਵੀ ਦਿਲ ਦੀ ਮਰੀਜ਼ ਹੋਣ ਕਾਰਨ ਪੀਜੀਆਈ ਹਸਪਤਾਲ ਚੰਡੀਗੜ ਤੋਂ ਇਲਾਜ ਅਧੀਨ ਹੈ ਸ਼੍ਰੋਮਣੀ ਕਮੇਟੀ ਵੱਲੋਂ ਦੋਨਾਂ ਬੱਚਿਆਂ ਦੇ ਪਰਿਵਾਰਾਂ ਵਿੱਚ ਵਿਤਕਰਾ ਕਰਨਾ ਬੇਹੱਦ ਮੰਦਭਾਗਾ ਹੈ ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ ਤੇ ਪੱਖਪਾਤ ਦੋਹਰੇ ਮਾਪਤੰਡ ਦਾ ਸਵਾਲੀਆ ਚਿੰਨ ਲਗਾਉਂਦਾ ਹੈ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਸ੍ਰੋਮਣੀ ਕਮੇਟੀ ਕੋਲ ਫੰਡਾਂ ਦੀ ਘਾਟ ਨਹੀਂ ਵਿਸਾਖੀ ਮੌਕੇ ਗੋਲਕ ਤੋਂ ਇਲਾਵਾ ਲੱਗਣ ਵਾਲੀਆਂ ਰੇਹੜੀਆਂ ਦੁਕਾਨਾਂ ਦਾ ਠੇਕਾ ਹੀ ਕਰੋੜਾਂ ਵਿੱਚ ਹੁੰਦਾ ਹੈ ਪੀੜਤ ਪ੍ਰੀਵਾਰਾਂ ਨੂੰ ਸ੍ਰੋਮਣੀ ਕਮੇਟੀ ਵਲੋਂ 10 -10 ਲੱਖ ਦੀ ਮੱਦਦ ਕਰਨੀ ਚਾਹੀਦੀ ਹੈ।



ਆਵਾਜ਼ਿ ਕੌਮ
AWAZE QAUM
International Newspaper & WEB TV

## ਸਿੱਖ ਫ਼ੌਜੀਆਂ ਨੂੰ ਭੜਕਾਉਣ ਦੀ ਪਾਕਿਸਤਾਨ ਵੱਲੋਂ ਹਰਕਤ, ਕਿਹਾ- ਇਹ ਗੁਰੂ ਨਾਨਕ ਦੀ ਧਰਤੀ, ਕੋਈ ਸਿੱਖ ਨਹੀਂ ਕਰੇਗਾ ਹਮਲਾ


**ਨਵੀਂ ਦਿੱਲੀ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਹਿਲਗਾਮ ਹਮਲੇ ਤੋਂ ਬਾਅਦ ਭਾਰਤ ਨੇ ਅੱਤਵਾਦ ਤੇ ਅੱਤਵਾਦੀਆਂ ਦੇ ਮਾਲਕਾਂ ਨੂੰ ਤਬਾਹ ਕਰਨ ਦਾ ਐਲਾਨ ਕੀਤਾ ਹੈ। ਇਸ ਦੌਰਾਨ ਪਾਕਿਸਤਾਨ ਦੀ ਨਿਰਾਸ਼ਾ ਦਿਨੋ-ਦਿਨ ਵੱਧਦੀ ਜਾ ਰਹੀ ਹੈ। ਹੁਣ ਇੱਕ ਵਾਰ ਫਿਰ ਪਾਕਿਸਤਾਨੀ ਰਾਜਨੀਤੀ ਵਿੱਚੋਂ ਭੜਕਾਹਟ ਤੇ ਕੱਟੜਤਾ ਨਾਲ ਭਰਿਆ ਇੱਕ ਬਿਆਨ ਸਾਹਮਣੇ ਆਇਆ ਹੈ। ਪਾਕਿਸਤਾਨ ਦੀ ਵਿਰੋਧੀ ਪਾਰਟੀ ਪੀਪੀਪੀ ਨਾਲ ਸਬੰਧਤ ਸੰਸਦ ਮੈਂਬਰ ਪਲਵਾਸ਼ਾ ਮੁਹੰਮਦ ਜ਼ਈ ਖਾਨ ਨੇ ਅਯੁੱਧਿਆ ਤੇ ਭਾਰਤ ਦੀ ਅੰਦਰੂਨੀ ਪ੍ਰਭੂਸੱਤਾ 'ਤੇ ਬਹੁਤ ਵਿਵਾਦਪੂਰਨ ਬਿਆਨ



ਦਿੱਤਾ ਹੈ। ਪਲਵਾਸ਼ਾ ਨੇ ਕਿਹਾ, ਬਾਬਰੀ ਮਸਜਿਦ ਦੇ ਪੁਨਰ ਨਿਰਮਾਣ ਲਈ ਪਹਿਲੀ ਇੱਟ ਪਾਕਿਸਤਾਨੀ ਫੌਜ ਦੇ ਜਵਾਨ ਰੱਖਣਗੇ ਤੇ ਪਹਿਲੀ ਅਜ਼ਾਨ ਪਾਕਿਸਤਾਨੀ ਫੌਜ ਦੇ ਮੁਖੀ ਜਨਰਲ ਅਸੀਮ ਮੁਨੀਰ ਦੇਣਗੇ। ਭਾਰਤ-ਪਾਕਿਸਤਾਨ ਸਬੰਧਾਂ ਵਿੱਚ ਪਹਿਲਾਂ ਤੋਂ ਹੀ ਚੱਲ ਰਹੇ ਤਣਾਅ ਦੇ ਵਿਚਕਾਰ ਇਸ ਬਿਆਨ ਨੇ ਇੱਕ ਨਵਾਂ ਵਿਵਾਦ ਪੈਦਾ ਕਰ ਦਿੱਤਾ ਹੈ। ਪਲਵਾਸ਼ਾ ਮੁਹੰਮਦ ਜ਼ਈ ਖਾਨ ਨੇ ਆਪਣੇ ਭਾਸ਼ਣ ਵਿੱਚ ਭਾਈ ਗੁਰਪਤਵੰਤ ਸਿੰਘ ਪੰਨੂ ਦੀ ਵੀ ਪ੍ਰਸ਼ੰਸਾ ਕੀਤੀ, ਜੋ ਕਿ ਇੱਕ ਖਾਲਿਸਤਾਨੀ ਸਮਰਥਕ ਹੈ। ਉਸਨੇ ਭਾਈ ਪੰਨੂ ਨੂੰ ਇੱਕ 'ਦਲੇਰ ਆਵਾਜ਼' ਦੱਸਿਆ ਅਤੇ ਉਸਦੀ ਵਕਾਲਤ ਕੀਤੀ। ਇਸ ਬਿਆਨ 'ਤੇ ਭਾਰਤ ਸਰਕਾਰ ਵੱਲੋਂ ਫਿਲਹਾਲ ਕੋਈ ਅਧਿਕਾਰਤ ਪ੍ਰਤੀਕਿਰਿਆ ਨਹੀਂ ਆਈ ਹੈ, ਪਰ ਕੂਟਨੀਤਕ ਹਲਕਿਆਂ ਵਿੱਚ ਇਸਨੂੰ ਇੱਕ ਗੰਭੀਰ ਭੜਕਾਹਟ ਦੀ ਉਦਾਹਰਣ ਵਜੋਂ ਦਰਸਾਇਆ ਜਾ ਰਿਹਾ ਹੈ। ਸੁਰੱਖਿਆ ਅਤੇ ਰਣਨੀਤੀ ਮਾਹਿਰਾਂ ਦਾ ਮੰਨਣਾ ਹੈ ਕਿ ਪਾਕਿਸਤਾਨੀ ਨੇਤਾ ਵਾਰ-ਵਾਰ ਭਾਰਤ ਦੇ ਧਾਰਮਿਕ ਅਤੇ ਸੰਵੇਦਨਸ਼ੀਲ ਮੁੱਦਿਆਂ 'ਤੇ ਬੋਲ ਕੇ ਨਫ਼ਰਤ ਫੈਲਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਜਿਸ ਨਾਲ ਦੁਵੱਲੇ ਸਬੰਧਾਂ ਨੂੰ ਹੋਰ ਨੁਕਸਾਨ ਪਹੁੰਚ ਸਕਦਾ ਹੈ। "ਜੇਕਰ ਉਹ (ਭਾਰਤ) ਪਾਕਿਸਤਾਨ ਨੂੰ ਧਮਕੀ ਦਿੰਦੇ ਹਨ, ਤਾਂ ਇਹ ਜਾਣ ਲੈਣਾ ਚਾਹੀਦਾ ਹੈ ਕਿ ਉਸ ਫੌਜ ਵਿੱਚ ਫੁੱਟ ਹੈ, ਉਸ ਫੌਜ ਦਾ ਕੋਈ ਸਿੱਖ ਸਿਪਾਹੀ ਪਾਕਿਸਤਾਨ 'ਤੇ ਹਮਲਾ ਕਰਨ ਲਈ ਤਿਆਰ ਨਹੀਂ ਹੈ। ਉਹ ਪਾਕਿਸਤਾਨ ਨਾਲ ਜੰਗ ਲਈ ਤਿਆਰ ਨਹੀਂ ਹਨ ਕਿਉਂਕਿ ਉਨ੍ਹਾਂ ਲਈ ਇਹ ਗੁਰੂ ਨਾਨਕ ਦੇਵ ਜੀ ਦੀ ਧਰਤੀ ਹੈ। ਇਹ ਉਨ੍ਹਾਂ ਲਈ ਪਵਿੱਤਰ ਧਰਤੀ ਹੈ। ਗੁਰੂ ਨਾਨਕ ਦੇਵ ਜੀ ਦੇ ਪੈਰ ਇਸ ਧਰਤੀ ਦੇ ਹਰ ਇੰਚ ਨੂੰ ਛੂਹ ਗਏ ਹਨ ਤੇ ਇੱਥੋਂ ਦੇ ਸਿੱਖਾਂ ਦੇ ਆਗੂ ਭਾਈ ਗੁਰਪਤਵੰਤ ਸਿੰਘ ਪੰਨੂ ਨੂੰ ਸਾਨੂੰ ਤੇ ਸਦਨ ਨੂੰ ਉਨ੍ਹਾਂ ਦੀ ਦਲੇਰੀ ਨੂੰ ਸਲਾਮ ਕਰਨਾ ਚਾਹੀਦਾ ਹੈ।"

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

ਗੁਰਮਤਿ ਸਤਦ ਸਚੀ ਟਕਸਾਲ ॥
ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note:** The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜ਼ਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ

# ਮਹਾਨ ਅਵਤਾਰ ਪੁਰਬ



☛ ਸ਼ਹੀਦੀ ਜੋੜ ਮੇਲਾ ਚਾਲੀ ਮੁਕਤੇ ( ਮੁਕਤਸਰ ਸਾਹਿਬ ਜੀ ) ☛ ਜਨਮ ਦਿਵਸ਼ : ਸੰਤ ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਹੁਸ਼ਿਆਰਪੁਰ । ☛ ਜੋੜ ਮੇਲਾ ਗੁਰੂ ਕਾ ਬਾਗ ਪਟਨਾ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

**3 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।**

4 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਉਚੇਚ ਤੋਰ ਤੇ ਪੰਜਾਬ ਦੀ ਧਰਤੀ ਤੋਂ ਢਾਡੀ ਜਥਾ ਗਿਆਨੀ ਜਸਬੀਰ ਸਿੰਘ ਮੋਲੀਕੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਇਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਦਮਦਮੀ ਟਕਸਾਲ ਵੱਲੋਂ 41ਵੇਂ ਘੱਲੂਘਾਰਾ ਦਿਵਸ ਦੇ ਕਥਾ-ਕੀਰਤਨ ਸਮਾਗਮਾਂ ਦੀ ਆਰੰਭਤਾ ਅੱਜ 1 ਮਈ ਤੋਂ

## ਸੰਤ ਗਿ. ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ 6 ਜੂਨ ਤੱਕ ਵੱਖ ਵੱਖ ਨਗਰਾਂ 'ਚ ਹੋਣ ਵਾਲੇ ਸ਼ਹੀਦੀ ਸਮਾਗਮਾਂ ਦੀ ਸੂਚੀ ਜਾਰੀ



ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਜੂਨ '84 ਤੀਸਰੇ ਘੱਲੂਘਾਰੇ ਦੀ ਯਾਦ ਨੂੰ ਹਰ ਸਾਲ 6 ਜੂਨ ਵਾਲੇ ਦਿਨ ਅੰਤਰਰਾਸ਼ਟਰੀ ਪੱਧਰ 'ਤੇ ਮਨਾਇਆ ਜਾਂਦਾ ਹੈ ਤੇ ਇਸ ਘੱਲੂਘਾਰੇ ਅੰਦਰ ਸ਼ਹੀਦ ਹੋਏ ਅਮਰ ਸ਼ਹੀਦ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਤੇ ਉਨ੍ਹਾਂ ਨਾਲ ਸ਼ਹਾਦਤ ਦਾ ਜਾਮ ਪੀਣ ਵਾਲੇ ਬਾਬਾ ਠਾਹਰਾ ਸਿੰਘ,ਭਾਈ ਅਮਰੀਕ ਤੇ ਜਰਨਲ ਸੁਬੇਗ ਸਿੰਘ ਆਦਿ ਕੌਮੀ ਯੌਧਿਆਂ ਦੀ ਸ਼ਹਾਦਤਾਂ ਨੂੰ ਨਤਮਸਤਕ ਹੁੰਦਿਆਂ ਸਮੂਹ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਨੂੰ ਸ਼ਰਧਾਂ ਦੇ ਫੁੱਲ ਅਰਪਿਤ ਕੀਤੇ ਜਾਂਦੇ ਹਨ।ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦਮਦਮੀ ਟਕਸਾਲ ਵੱਲੋਂ ਤੀਸਰੇ ਘੱਲੂਘਾਰੇ ਦੀ ਯਾਦ 'ਚ 41ਵਾਂ ਸ਼ਹੀਦੀ ਜੋੜ ਮੇਲਾ ਪੂਰੀ ਸ਼ਰਧਾਂ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ।ਇਸ ਮੌਕੇ ਮਹੀਨਾ ਭਰ ਚੱਲਣ ਵਾਲੀ ਕਥਾ-ਕੀਰਤਨ ਸਮਾਗਮਾਂ ਦੀ ਲੜੀ ਦੀ ਆਰੰਭਤਾ 1 ਮਈ ਤੋਂ ਹੋਣ ਜਾ ਰਹੀ ਹੈ, ਜਿਸ ਦੇ ਚੱਲਦਿਆਂ ਵੱਖ ਵੱਖ ਨਗਰਾਂ ਅੰਦਰ ਸ਼ਾਮ 6 ਵਜੇ ਤੋਂ 8 ਵਜੇ ਤੱਕ ਗੁਰਮਤਿ ਸਮਾਗਮ ਕੀਤੇ ਜਾਣਗੇ।ਇੰਨ੍ਹਾਂ ਸਮਾਗਮਾਂ 'ਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਸ਼ਬਦ-ਕੀਰਤਨ ਕੀਤੇ ਜਾਣ ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਸੰਗਤਾਂ ਨੂੰ ਕਥਾ ਸਰਵਨ ਕਰਾਈ ਜਾਵੇਗੀ।ਦਮਦਮੀ ਟਕਸਾਲ ਵੱਲੋਂ ਜਾਰੀ ਸਮਾਗਮਾਂ ਦੀ ਸੂਚੀ ਅਨੁਸਾਰ 01 ਮਈ ਨੂੰ ਜਬੋਵਾਲ, 02 ਮਈ ਨੂੰ ਜੱਫਰਵਾਲ, 03 ਮਈ ਨੂੰ ਤਰਸਿੱਕਾ, 04 ਮਈ ਨੂੰ ਕੋਟਲਾ ਮੂਸਾ ਨੇੜ੍ਹੇ ਕਾਦੀਆਂ, 05 ਮਈ ਨੂੰ ਸਦਾਰੰਗ, 06 ਮਈ ਨੂੰ ਸਹਾਇਪੁਰ, 07 ਮਈ ਨੂੰ ਧਰਦਿਓ, 08 ਮਈ ਨੂੰ ਬਾਬੋਵਾਲ, 09 ਮਈ ਨੂੰ ਭਲਾਈਪੁਰ ਪੁਰਬਾ, 10 ਮਈ ਨੂੰ ਗੁ: ਕੰਧ ਸਾਹਿਬ (ਬਟਾਲਾ), 11 ਮਈ ਨੂੰ ਗੁ: ਗੁਰੂ ਕੀ ਬੇਰ ਸਾਹਿਬ, 12 ਮਈ ਨੂੰ ਲੀਲ ਕਲਾਂ, 13 ਮਈ ਨੂੰ ਸੂਸਾ, 14 ਮਈ ਨੂੰ ਸਿਆਲਕਾ, 15 ਮਈ ਨੂੰ ਚੋਣੇ, 16 ਮਈ ਨੂੰ ਨਵਾਂ ਪਿੰਡ, 17 ਮਈ ਨੂੰ ਗੁ:ਸੰਗਤਪੁਰਾ ਬਥਵਾਲਾ (ਗੁਰਦਾਸਪੁਰ), 18 ਮਈ ਨੂੰ ਧਰਮੂਚੱਕ, 19 ਮਈ ਨੂੰ ਕਾਹਲਵਾਂ, 20 ਮਈ ਨੂੰ ਉਦੋਨੰਗਲ ਖੁਰਦ, 21 ਮਈ ਨੂੰ ਸਠਿਆਲਾ, 22 ਮਈ ਨੂੰ ਢੱਪਈਆਂ, 23 ਮਈ ਨੂੰ ਵੀਲਾ/ਮੀਕੇ, 24 ਮਈ ਨੂੰ ਬੁਤਾਲਾ, 25 ਮਈ ਨੂੰ ਸਵੇਰੇ 10 ਤੋਂ 12 ਵਜੇ ਤੱਕ ਖੱਬੇ ਰਾਜਪੂਤਾਂ ਤੇ ਸ਼ਾਮ 07 ਤੋਂ 09 ਵਜੇ ਤੱਕ ਚੌਧਰੀਵਾਲ , 26 ਮਈ ਨੂੰ ਜਲਾਲਉਸਮਾਂ, 27 ਮਈ ਨੂੰ ਜੇਠੂਵਾਲ, 28 ਮਈ ਨੂੰ ਰਾਮ ਥੰਮਣ, 29 ਮਈ ਨੂੰ ਮੈਹਣੀਆਂ ਕੁਹਾਰਾ, 30 ਮਈ ਨੂੰ ਮਹਿਤਾ ਚੌਕ ਤੇ 31 ਮਈ ਨੂੰ ਚਾਟੀਵਿੰਡ ਵਿਖੇ ਗੁਰਮਤਿ ਦੀਵਾਨ ਸਜਾਏ ਜਾਣਗੇ,ਉਪਰੰਤ ਸ਼ਹੀਦੀ ਹਫਤੇ ਦੇ ਚੱਲਦਿਆਂ ਇਹ ਗੁਰਮਤਿ ਦੀਵਾਨ 01 ਤੋਂ 05 ਜੂਨ ਤੱਕ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸ਼ਾਮ 4 ਤੋਂ 7 ਵਜੇ ਤੱਕ ਸਜਾਏ ਜਾਣਗੇ,ਉਪਰੰਤ ਮੁੱਖ ਤੇ ਮਹਾਨ ਸ਼ਹੀਦੀ ਸਮਾਗਮ 6 ਜੂਨ ਨੂੰ ਹੋਵੇਗਾ।

-ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ

ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ 14 ਵੇਂ ਮੁਖੀ ਦਮਦਮੀ ਟਕਸਾਲ ਅਤੇ 6 ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ 'ਚ ਦਮਦਮੀ ਟਕਸਾਲ ਦੇ ਹੈੱਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ (ਮਹਿਤਾ) ਵਿਖੇ ਹਰ ਸਾਲ ਬਹੁਤ ਭਾਰੀ ਸ਼ਹੀਦੀ ਜੋੜ ਮੇਲੇ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਸ਼ਾਂ ਦੀ ਅਗੁਵਾਈ 'ਚ ਮਨਾਏ ਜਾਂਦੇ ਹਨ । ਇਸ ਜੋੜ ਮੇਲੇ ਸਬੰਧੀ ਮਿਤੀ 1 ਮਈ ਤੋਂ ਵੱਖ ਵੱਖ ਨਗਰਾਂ 'ਚ ਮਹਾਂਪੁਰਸ਼ਾਂ ਵੱਲੋਂ ਸ਼ਹੀਦੀ ਸਮਾਗਮਾਂ ਦੀ ਲੜੀ ਦੀ ਆਰੰਭਤਾ ਹੋ ਰਹੀ ਹੈ। ਸਮੂਹ ਸੰਗਤਾਂ ਇਹਨਾਂ ਸਮਾਗਮਾਂ ਦੇ ਲਾਹੇ ਪ੍ਰਾਪਤ ਕਰੋ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਯੂ ਕੇ ਪੰਥਕ ਸਿੱਖ ਆਗੂ ਭਾਈ ਪਰਮਿੰਦਰ ਸਿੰਘ ਬੱਲ ਦੇ ਧਰਮ ਸੁਪਤਨੀ

# ਬੀਬੀ ਹਰਪ੍ਰੀਤ ਕੌਰ ਜੀ ਨੂੰ ਪੰਥਕ ਸ਼ਖਸ਼ੀਅਤਾਂ ਵੱਲੋਂ ਸ਼ਰਧਾਂਜਲੀ

### ਯੂ ਕੇ ਭਰ ਤੋਂ ਪੰਥਕ ਸ਼ਖਸ਼ੀਅਤਾਂ ਅਤੇ ਭਾਈ ਪਰਮਿੰਦਰ ਸਿੰਘ ਬੱਲ ਦੇ ਕਰੀਬੀ ਰਿਸ਼ਤੇਦਾਰਾਂ ਨੇ ਬੀਬੀ ਜੀ ਨੂੰ ਅੰਤਿਮ ਵਿਦਾਈ ਦਿੱਤੀ















ਆਵਾਜ਼ਿ ਕੌਮ
AWAZE QAUM
International Newspaper & WEB TV









ਸਵ. ਬੀਬੀ ਹਰਪ੍ਰੀਤ ਕੌਰ ਜੀ

ਬੀਬੀ ਹਰਪ੍ਰੀਤ ਕੌਰ ਜੀ ਪਿਛਲੇ ਦਿਨੀ ਵਾਹਿਗੁਰੂ ਜੀ ਵੱਲੋਂ ਬਖਸ਼ਿਸ਼ ਕੀਤੀ ਸੁਆਸਾਂ ਦੀ ਪੂੰਜੀ ਭੋਗ ਕੇ ਅਕਾਲ ਪੁਰਖ ਦੇ ਚਰਨਾ ਵਿੱਚ ਜਾ ਬਿਰਾਜੇ ਸਨ। 29 ਅਪ੍ਰੈਲ ਵਾਲੇ ਦਿਨ ਬੀਬੀ ਹਰਪ੍ਰੀਤ ਕੌਰ ਜੀ ਦਾ ਅੰਤਮ ਸਸਕਾਰ ਕੀਤਾ ਗਿਆ ਅਤੇ ਉਨ੍ਹਾਂ ਨਮਿਤ ਅੰਤਮ ਅਰਦਾਸ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸਲੋਹ ਵਿਖੇ ਕੀਤੀ ਗਈ। ਬੀਬੀ ਜੀ ਦਾ ਅੰਤਿਮ ਸਸਕਾਰ ਸਲੋਹ ਕਰੇਮੇਟੋਰੀਅਮ ਵਿਖੇ ਕੀਤਾ ਗਿਆ। ਇਸ ਮੌਕੇ ਤੇ ਯੂ ਕੇ ਭਰ ਤੋਂ ਪੰਥਕ ਸ਼ਖਸ਼ੀਅਤਾਂ ਅਤੇ ਭਾਈ ਪਰਮਿੰਦਰ ਸਿੰਘ ਬੱਲ ਦੇ ਕਰੀਬੀ ਰਿਸ਼ਤੇਦਾਰਾਂ ਨੇ ਬੀਬੀ ਜੀ ਨੂੰ ਅੰਤਿਮ ਵਿਦਾਈ ਦਿੱਤੀ।

ਸਿੰਘ ਸਭਾ ਗੁਰਦੁਆਰਾ ਸਲੋਹ ਵਿਖੇ ਬੀਬੀ ਜੀ ਦੀ ਯਾਦ ਵਿੱਚ ਰਖਵਾਏ ਗਏ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਗਏ, ਅਲਾਹਣੀਆਂ ਦਾ ਜਾਪ ਕੀਤਾ ਗਿਆ ਅਤੇ ਗੁਰੂਘਰ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਭਾਈ ਪਰਮਿੰਦਰ ਸਿੰਘ ਬੱਲ ਦੇ ਪੁਰਾਣੇ ਸਾਥੀ ਅਤੇ ਪੰਥਕ ਆਗੂ ਡਾਕਟਰ ਸਾਧੂ ਸਿੰਘ ਵੱਲੋਂ ਬੀਬੀ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

ਇਸ ਮੌਕੇ ਤੇ, ਭਾਈ ਗੁਰਮੇਲ ਸਿੰਘ ਮੱਲ੍ਹੀ, ਭਾਈ ਹਰਜੀਤ ਸਿੰਘ ਸਰਪੰਚ,ਭਾਈ ਜਸਵੰਤ ਸਿੰਘ ਠੇਕੇਦਾਰ, ਭਾਈ ਹਿੰਮਤ ਸਿੰਘ ਸੋਹੀ, ਡਾਕਟਰ ਪ੍ਰਗਟ ਸਿੰਘ, ਡਾਕਟਰ ਸਾਧੂ ਸਿੰਘ, ਡਾਕਟਰ ਜਸਦੇਵ ਸਿੰਘ ਰਾਏ,ਭਾਈ ਪਰਮਜੀਤ ਸਿੰਘ ਢਾਡੀ, ਭਾਈ ਬਲਰਾਜ ਸਿੰਘ ਵੁਲਵਰਹੈਂਪਟਨ, ਭਾਈ ਰਘਬੀਰ ਸਿੰਘ ਸੰਪਾਦਕ ਆਵਾਜਿ ਕੌਮ, ਭਾਈ ਸੁਰਿੰਦਰ ਸਿੰਘ ਭਾਊ, ਭਾਈ ਯਾਦਵਿੰਦਰ ਸਿੰਘ,ਭਾਈ ਬਾਵਾ ਸਿੰਘ, ਭਾਈ ਬਲਬੀਰ ਸਿੰਘ, ਭਾਈ ਮੱਖਣ ਸਿੰਘ ਈਰਾਨੀ ਅਤੇ ਹੋਰ ਪੰਥਕ ਸ਼ਖਸ਼ੀਅਤਾਂ ਨੇ ਸ਼ਾਮਲ ਹੋਕੇ ਬੀਬੀ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਭਾਈ ਪਰਮਿੰਦਰ ਸਿੰਘ ਬੱਲ 1984 ਦੇ ਘੱਲੂਘਾਰੇ ਤੋਂ ਬਾਅਦ ਹੀ ਪੰਥਕ ਰਾਜਨੀਤੀ ਵਿੱਚ ਲਗਾਤਾਰ ਸਰਗਰਮ ਹਨ। ਯੂ ਕੇ ਦੀ ਸਿੱਖ ਰਾਜਨੀਤੀ ਨੂੰ ਪੰਥਕ ਲੀਹਾਂ ਤੇ ਚਲਾਉਣ ਵਿੱਚ ਉਨ੍ਹਾਂ ਦਾ ਵੱਡਾ ਯੋਗਦਾਨ ਹੈ। ਆਪ ਜੀ ਜਿੱਥੇ ਬਹੁਤ ਅੱਛੇ ਪੰਥਕ ਬੁਲਾਰੇ ਹਨ ਉੱਥੇ ਹੀ ਪੰਥਕ ਰਾਜਨੀਤੀ ਬਾਰੇ ਲਗਾਤਾਰ ਲੇਖ ਵੀ ਲਿਖਦੇ ਆ ਰਹੇ ਹਨ। ਅਦਾਰਾ ਅਵਾਜ਼ਿ ਕੌਮ ਵੱਲੋਂ ਵੀ ਬੀਬੀ ਹਰਪ੍ਰੀਤ ਕੌਰ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਂਦੇ ਹਨ।••

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

# ਸੰਤ ਬਾਬਾ ਇੰਦਰਜੀਤ ਸਿੰਘ ਜੀ ਰਕਬੇ ਵਾਲੇ ਅਕਾਲ ਚਲਾਣਾ ਕਰ ਗਏ

## ਅੰਤਿਮ ਸਸਕਾਰ ਅੱਜ 1 ਮਈ ਨੂੰ



## ਸਵ. ਸੰਤ ਬਾਬਾ ਇੰਦਰਜੀਤ ਸਿੰਘ ਜੀ ਰਕਬੇ ਵਾਲੇ

ਆਪ ਸੰਗਤਾਂ ਨੂੰ ਦੁਖੀ ਹਿਰਦੇ ਦੁਆਰਾ ਬੇਨਤੀ ਕੀਤੀ ਜਾਂਦੀ ਹੈ, ਕਿ ਦਮਦਮੀ ਟਕਸਾਲ ਦੇ ਬਾਰ੍ਹਵੇਂ ਮੁਖੀ ਮਹਾਂਪੁਰਖ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਵਿਦਿਆਰਥੀ, ਤਿਆਗ ਵੈਰਾਗ ਦੀ ਮੂਰਤਿ, ਮਹਾਨ ਵਿਦਵਾਨ **ਸੰਤ ਬਾਬਾ ਇੰਦਰਜੀਤ ਸਿੰਘ ਜੀ ਰਕਬੇ ਵਾਲੇ** ਅੱਜ ਮਿਤੀ 29 ਅਪ੍ਰੈਲ 2025 ਨੂੰ ਅਕਾਲ ਚਲਾਣਾ ਕਰ ਗਏ ਹਨ ।ਉਹਨਾਂ ਦੇ ਪਵਿੱਤਰ ਸਰੀਰ ਦਾ ਅੰਤਿਮ ਸਸਕਾਰ ਅਸਥਾਨ ਨਿਰਮਲ ਬੁੰਗਾ ਯਾਦਗਰ ( ਸ਼੍ਰੀਮਾਨ ਬ੍ਰਹਮਬੇਤੇ ਸੰਤ ਚੇਤਨ ਬਿਲਾਸ ਹਰੀ ਜੀ ਖਾਲਸਾ ) ਪਿੰਡ ਸਹੌੜਾ ਤਹਿਸੀਲ ਖਰੜ ਜਿਲ੍ਹਾ (ਮੁਹਾਲੀ) ਵਿਖੇ ਮਿਤੀ 1 ਮਈ ਦਿਨ ਵੀਰਵਾਰ 2025 ਦਿਨੇ 1 ਵਜੇ ਕੀਤਾ ਜਾਵੇਗਾ।ਆਪ ਜੀ ਸਮੂਹ ਸੰਗਤਾਂ ਨੇ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।

--★ ਗੁਰੂ ਪੰਥ ਦਾ ਦਾਸ : ★--


**ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ**

ਭਾਈ ਜੋਗਾ ਸਿੰਘ ਜੀ , ਭਾਈ ਤਾਰਾ ਸਿੰਘ ਜੀ , ਭਾਈ ਹਰਬੰਸ ਸਿੰਘ ਜੀ , ਭਾਈ ਗੁਰਪਿੰਦਰ ਸਿੰਘ ਜੀ , ਭਾਈ ਮਨਰੂਪ ਸਿੰਘ ਜੀ , ਭਾਈ ਲਾਭ ਸਿੰਘ ਜੀ ਅਤੇ ਭਾਈ ਸਿਮਰਨਜੀਤ ਸਿੰਘ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਿਹ॥

ਪੰਥਕ ਅਕਾਲੀ ਲਹਿਰ



ਜਥੇਦਾਰ ਰਣਜੀਤ ਸਿੰਘ
(ਪੰਥਕ ਅਕਾਲੀ ਲਹਿਰ)

"ਕੱਲ ਰਾਤ ਤੋਂ ਮੀਡੀਆ 'ਤੇ ਵਾਇਰਲ ਹੋ ਰਹੀ ਇੱਕ ਤਸਵੀਰ ਰਾਹੀਂ ਸਿਰਜੇ ਜਾ ਰਹੇ ਨਕਾਰਾਤਮਕ ਬਿਰਤਾਂਤ 'ਤੇ ਮੈਂ ਸਪਸ਼ਟ ਕਰਨਾ ਚਾਹੁੰਦਾ ਹਾਂ ਕਿ ਨਾ ਮੇਰਾ ਪਹਿਲਾਂ ਕਦੇ ਬਾਦਲ ਜੁੰਡਲੀ ਨਾਲ ਸਮਝੌਤਾ ਸੀ, ਨਾ ਅੱਜ ਹੈ ਤੇ ਨਾ ਹੀ ਭਵਿੱਖ ਵਿੱਚ ਕਦੇ ਹੋਵੇਗਾ। ਮੈਂ ਸਿਧਾਂਤ 'ਤੇ ਖੜ੍ਹਾ ਹਾਂ ਤੇ ਹਮੇਸ਼ਾ ਖੜ੍ਹਾ ਰਹਾਂਗਾ। ਸਮੂਹ ਸਾਧ ਸੰਗਤ, ਜਿਸ ਤਰ੍ਹਾਂ ਪਿਛਲੇ 45 ਸਾਲਾਂ ਤੋਂ ਤੁਸੀਂ ਮੇਰੇ 'ਤੇ ਯਕੀਨ ਕਰਦੇ ਆ ਰਹੇ ਹੋ ਇਸੇ ਤਰ੍ਹਾਂ ਆਪਣਾ ਯਕੀਨ ਕਾਇਮ ਰੱਖਿਓ, ਸੰਗਤ ਨਾਲ ਕਦੇ ਵਿਸ਼ਵਾਸ ਘਾਤ ਨਹੀਂ ਹੋਵੇਗਾ।"

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਿਹ॥

### ਕੈਬਿਨੈਟ ਮੰਤਰੀ ਗੋਇਲ ਨੂੰ ਸੂਬਾ ਪ੍ਰਧਾਨ ਹਰਪ੍ਰੀਤ ਕੌਰ ਧੂਰੀ ਨੇ

# ਮਜਦੂਰ ਆਗੂ ਤੇ ਹੋਏ ਝੂਠਾ ਪਰਚਾ ਰੱਦ ਕਰਵਾਉਣ ਲਈ ਦਿੱਤਾ ਮੰਗ ਪੱਤਰ




**ਲਹਿਰਾਗਾਗਾ ( ਰਣਜੀਤ ਸਿੰਘ ਪੇਧਨੀ )**-ਨਾਰੀ ਏਕਤਾ ਜਬਰ ਵਿਰੋਧੀ ਫਰੰਟ ਸੂਬਾ ਪ੍ਰਧਾਨ ਹਰਪ੍ਰੀਤ ਕੋਰ ਧੂਰੀ ਦੀ ਅਗਵਾਈ ਹੇਠ ਕੈਬਨਟ ਮੰਤਰੀ ਐਮ ਐਲ ਏ ਬਰਿੰਦਰ ਕੁਮਾਰ ਗੋਇਲ ਲਹਿਰਾਗਾਗਾ ਨੂੰ ਝੂੱਠੇ ਪਰਚਾ ਰੱਦ ਕਰਵਾਉਣ ਲਈ ਦਿੱਤਾ ਮੰਗ ਪੱਤਰ ਹਰਪ੍ਰੀਤ ਕੌਰ ਧੂਰੀ ਨੇ ਕਿਹਾ ਕੇ ਜੋ ਪਿਛਲੇ ਦਿਨਾਂ ਤੋ ਸੋਸਲ ਮਿਡਿਆ ਤੇ ਸੰਤੋਸ਼ ਰਾਣੀ ਪਤਨੀ ਪ੍ਰੇਮ ਚੰਦ ਫਨੈਸਰ ਬਲਦੀਪ ਪੁੱਤਰ ਗੁਰਮੇਲ ਸਿੰਘ ਦਾ ਜੋ ਮਾਮਲਾ ਚੱਲ ਰਿਹਾ ਹੈ ਉਸ ਬਾਰੇ ਅਸਲੀ ਸੱਚ ਸਾਹਮਣੇ ਲਿਆਉਣ ਲਈ ਸੂਬਾ ਪ੍ਰਧਾਨ ਹਰਪ੍ਰੀਤ ਕੋਰ ਧੂਰੀ ਨੇ ਐਮ ਐਲ ਏ ਬਰਿੰਦਰ ਕੁਮਾਰ ਗੋਇਲ ਨੂੰ ਇੱਕ ਮੰਗ ਪੱਤਰ ਰਾਹੀ ਮਾਮਲਾ ਸਮਝਾਉਦੇ ਹੋਏ ਕਿਹਾ ਕੇ ਇਹ ਮਾਮਲਾ ਪਿਛਲੇ ਲਮੇ ਸਮੈ ਤੋ ਬਲਦੀਪ ਸਿੰਘ ਪੁੱਤਰ ਗੁਰਮੇਲ ਸਿੰਘ ਸੰਤੋਸ਼ ਰਾਣੀ ਪਤਨੀ ਪ੍ਰੇਮ ਚੰਦ ਚਲਦਾ ਆ ਰਿਹਾ ਹੈ ਅਤੇ ਪਿਛਲੇ ਸਮੇਂ ਦੋਰਾਨ ਸੰਤੋਸ਼ ਰਾਣੀ ਨੇ ਹਰਪ੍ਰੀਤ ਕੋਰ ਧੂਰੀ ਤੋ ਮਦਦ ਮੰਗੀ ਤੇ ਕਿਹਾ ਮੇਰਾ ਜੋ ਬਲਦੀਪ ਸਿੰਘ ਨਾਲ ਲੈਣ ਦੇਣ ਦਾ ਰੋਲਾ ਹੈ ਤੁਸੀਂ ਮੇਰੇ ਮਸਲੇ ਦਾ ਹੱਲ ਕਰਵਾਉ ਅਤੇ ਉਸਤੋਂ ਬਾਅਦ ਮੈਂ ਇਸ ਮਸਲੇ ਦੀ ਜਾਨਕਾਰੀ ਲਈ ਪ੍ਰੇਮ ਸਿੰਘ ਨੂੰ ਸੰਤੋਸ਼ ਰਾਣੀ ਕੋਲ ਭੇਜਿਆ ਅਤੇ ਪ੍ਰੇਮ ਸਿੰਘ ਨੇ ਸਾਰੀ ਗੱਲ ਬਾਤ ਪਤਾ ਕਰਕੇ ਇਹ ਦੱਸੀਆ ਗਿਆ ਇਹਨਾਂ ਦੋਵਾਂ ਦਾ ਕੋਰਟ ਵਿੱਚ ਕੇਸ ਚੱਲ ਰਿਹਾ ਹੈ ਉਸਤੋਂ ਬਾਅਦ ਅਸੀ ਨੇ ਇਸ ਮਸਲੇ ਨੂੰ ਅੱਗੇ ਗੱਲਬਾਤ ਕਰਨ ਤੇ ਉਥੇ ਹੀ ਛੱਡ ਦਿੱਤਾ ਫਿਰ ਉਸਤੋਂ ਬਾਅਦ ਗੁੱਸੇ ਵਿਚ ਆਈ ਸੰਤੋਸ਼ ਰਾਣੀ ਨੇ ਡੀ ਐਸ ਪੀ ਲਿਹਰਾ ਨੂੰ ਦਰਖਾਸਤ ਰਾਹੀ ਪ੍ਰੇਮ ਸਿੰਘ ਪੁੱਤਰ ਫਕਿਰਿਆ ਨੂੰ ਵੀ ਏਸ ਕੇਸ ਵਿਚ ਫਸਾਉਣ ਦੀ ਕੋਸਿਸ ਕੀਤੀ ਉਸਤੋ ਬਾਅਦ ਮੈਂ ਡੀ ਐਸ ਪੀ ਲਿਹਰਾ ਨੂੰ ਸਾਡੀ ਜਥੇਬੰਦੀ ਦੇ ਕੁਝ ਆਗੂਆਂ ਨੂੰ ਲੈਕੇ ਮਿਲੇ ਤਾ ਡੀ ਐਸ ਪੀ ਨੇ ਪੁਰੀ ਜਾਚ ਦੇ ਅਧੀਨ ਪ੍ਰੇਮ ਸਿੰਘ ਨੂੰ ਇਸ ਮਾਮਲੇ ਵਿੱਚੋ ਕੱਡੀਆ ਗਿਆ ਵਕੇਦਾ ਲਿਖਤੀ ਰੂਪ ਵਿਚ ਡੀ ਐਸ ਪੀ ਵੱਲੋਂ ਦਿੱਤਾ ਗਿਆ ਅਤੇ ਹੁਣ ਸਾਲ ਬਾਅਦ ਸੰਤੋਸ਼ ਰਾਣੀ ਨੇ ਇਸ ਮਸਲੇ ਨੂੰ ਦੁਵਾਰਾ ਫਿਰ ਗੋਬਿੰਦ ਸਿੰਘ ਛਾਜਲੀ ਨਾਲ ਮਿਲਕੇ ਇੱਕ ਸ਼ਾਦਿਸ ਦੇ ਤਹਿਤ ਝੂਠਾ ਪਰਚਾ ਪ੍ਰੇਮ ਸਿੰਘ ਅਤੇ ਬਲਦੀਪ ਸਿੰਘ ਤੇ ਹੋਰਾ ਮੈਬਰਾ ਤੇ ਵੀ ਸਾਦਿਸਾ ਘੜ ਰਹੇ ਹਨ ਪੁਲਿਸ ਪ੍ਰਸਾਸਨ ਅਤੇ ਸਿਵਲ ਪ੍ਰਸਾਸਨ ਦੇ ਸਰੇਆਮ ਅੱਖੀ ਘੱਟਾ ਪਾ ਰਹੇ ਹਨ ਜੋ ਗੋਬਿੰਦ ਸਿੰਘ ਛਾਜਲੀ ਹੈ ਉਹ ਇਸ ਪਰਿਵਾਰ ਦੇ ਮੋਡੇ ਤੇ ਧਰਕੇ ਪ੍ਰੇਮ ਸਿੰਘ ਨਾਲ ਆਪਣੀ ਪੁਰਾਣੀ ਰਜਿੰਸ ਕੱਡ ਰਿਹਾ ਹੈ ਸੋ ਮੇਰੀ ਐਸ ਐਸ ਪੀ ਸੰਗਰੂਰ ਨੂੰ ਬੇਨਤੀ ਹੈ ਜੋ ਸਾਡੇ ਆਗੂ ਤੇ ਝੂਠਾ ਪਰਚਾ ਹੋਇਆ ਹੈ ਜਲਦ ਉਸਨੂੰ ਰੱਦ ਕੀਤਾ ਜਾਵੇ ਮੈਨੂੰ ਅਤੇ ਮੇਰੇ ਸਾਥੀਆਂ ਨੂੰ ਸੋਸਲ ਮਿਡਿਆ ਤੇ ਬਦਨਾਮ ਕਰਨ ਲਈ ਉਹਨਾਂ ਤੇ ਸਖਤ ਕਾਰਵਾਈ ਕੀਤੀ ਜਾਵੇ ਮੋਕੇ ਤੇ ਹਰਪ੍ਰੀਤ ਕੋਰ ਧੂਰੀ, ਪਾਲ ਕੋਰ ਸੁਨਾਮ ਦਲਜੀਤ ਕੋਰ ਟੀਬੀ ਅਮ੍ਰੀਤ ਕੋਰ ਅਵਤਾਰ ਸਿੰਘ ਫੱਗੂਆਲ ਧਰਮਪਾਲ ਸਿੰਘ ਲਹਿਰਾਗਾਗਾ ਆਦੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕੈਨੇਡਾ ਦੀਆਂ ਫੈਡਰਲ ਚੋਣਾਂ 'ਚ ਜਿੱਤਣ ਵਾਲੇ ਪੰਜਾਬੀ ਤੇ ਸਿੱਖ ਆਗੂਆਂ ਨੂੰ ਦਿੱਤੀ ਵਧਾਈ

**ਸ੍ਰੀ ਅੰਮ੍ਰਿਤਸਰ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕੈਨੇਡਾ ਦੀਆਂ ਫੈਡਰਲ ਚੋਣਾਂ ਵਿੱਚ ਵੱਡੀ ਗਿਣਤੀ ਵਿੱਚ ਪੰਜਾਬੀ ਖਾਸਕਰ ਸਿੱਖ ਆਗੂਆਂ ਦੀ ਜਿੱਤ ਉੱਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਕਿਹਾ ਕਿ ਪੰਜਾਬ ਅਤੇ ਸਿੱਖ ਕੌਮ ਲਈ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਅੱਜ ਵਿਦੇਸ਼ਾਂ ਵਿੱਚ ਸਾਡੇ ਲੋਕ ਆਪਣੀ ਲਿਆਕਤ ਤੇ ਕਰੜੀ ਮਿਹਨਤ ਨਾਲ ਵੱਡੀਆਂ ਪ੍ਰਾਪਤੀਆਂ ਹਾਸਲ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਹਾਲੀਆ ਕੈਨੇਡਾ ਚੋਣ ਨਤੀਜਾ ਇਸ ਗੱਲ ਦਾ ਤੱਥ ਹੈ ਕਿ ਅਨੰਦਪੁਰ ਸਾਹਿਬ ਦੇ ਵਾਸੀ ਸਿੱਖ ਅੱਜ ਸਮੁੱਚੀ ਦੁਨੀਆ ਅੰਦਰ ਚੜ੍ਹਦੀ ਕਲਾ ਨਾਲ ਕਾਰਜ ਕਰ ਰਹੇ ਹਨ ਤੇ ਹਰ ਖੇਤਰ ਵਿੱਚ ਨਾਮਣਾ ਖੱਟ ਰਹੇ ਹਨ। ਉਨ੍ਹਾਂ ਜਿੱਤਣ ਵਾਲੇ ਸਮੂਹ ਪੰਜਾਬੀ ਤੇ ਸਿੱਖ ਆਗੂਆਂ ਨੂੰ ਕੈਨੇਡਾ ਅੰਦਰ ਆਪਣੀ ਮੂਲ ਪਛਾਣ ਕਾਇਮ ਰੱਖਦਿਆਂ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਲਈ ਵੀ ਪ੍ਰੇਰਿਤ ਕੀਤਾ। ਜਥੇਦਾਰ ਗੜਗੱਜ ਨੇ ਕਿਹਾ ਕਿ ਸਾਰੇ ਚੁਣੇ ਗਏ ਪੰਜਾਬੀ ਤੇ ਸਿੱਖ ਨੁਮਾਇੰਦਿਆਂ ਨੂੰ ਕੈਨੇਡਾ ਅੰਦਰ ਸਥਾਨਕ ਲੋਕਾਂ ਦੇ ਨਾਲ-ਨਾਲ ਆਪਣੇ ਭਾਈਚਾਰੇ ਦੇ ਸਰੋਕਾਰਾਂ ਦੀ ਤਰਜਮਾਨੀ ਵੀ ਜ਼ਰੂਰ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਕੈਨੇਡਾ ਦੀ ਲਿਬਰਲ ਪਾਰਟੀ ਦੇ ਆਗੂ ਮਾਰਕ ਕਾਰਨੀ ਨੂੰ ਵੀ ਚੋਣਾਂ ਵਿੱਚ ਜਿੱਤ ਹਾਸਲ ਕਰਨ ਲਈ ਵਧਾਈ ਦਿੱਤੀ।

# ਮਿਹਨਤ ਕਸ਼ ਲੋਕਾਂ ਦੇ ਨਾਂ



ਤੂੰ ਮੰਗਿਆ ਏ ਮੈਥੋਂ ਗੀਤ ਕੋਈ ,
ਯਾਰਾਂ ਦੀ ਮਹਿਫ਼ਲ ਗਾਉਂਣ ਲਈ ।
ਮੈਂ ਲਿਖਦਾ ਹਾਂ ਕਵਿਤਾਵਾਂ ਹੁਣ ,
ਸੁੱਤੇ ਹੋਏ ਲੋਕ ਜਗਾਉਂਣ ਲਈ ।

ਓਹ ਗੱਲ ਪੁਰਾਣੀ ਹੋ ਗਈ ਏ ,
ਮੈਂ ਲਿਖੇ ਸੀ ਗੀਤ ਪਿਆਰਾਂ ਦੇ ।
ਤੂੰ ਹੇਕਾਂ ਲਾ ਲਾ ਗਾਏ ਸੀ ,
ਬਹਿ ਕੇ ਵਿੱਚ ਅਪਣਿਆਂ ਯਾਰਾਂ ਦੇ।
ਕੋਈ ਕਿੰਨਾਂ ਕੁ ਚਿਰ ਲਿਖੀਂ ਜਾਵੇ ,
ਲੋਕਾਂ ਦਾ ਦਿਲ ਪ੍ਰਚਾਉਂਣ ਲਈ ।
ਮੈਂ ਲਿਖਦਾ ਹਾਂ -------------

ਅੱਜ ਮਿਹਨਤ ਕਸ਼ ਨੂੰ ਮਿਲਦਾ ਨਾ ,
ਹੱਕ ਪੂਰਾ ਉਸ ਦੀ ਮਿਹਨਤ ਦਾ ।
ਉਹ ਪੂਰੀ ਤਰ੍ਹਾਂ ਨਾ ਮਾਣ ਸਕੇ ,
ਹੱਕ ਕੁਦਰਤ ਦੀ ਵੀ ਨੇਹਮਤ ਦਾ ।
ਆ ਤੂੰ ਵੀ ਮੋਢਾ ਲਾ ਸੱਜਣਾ ,
ਕਾਣੀ ਵੰਡ ਖ਼ਤਮ ਕਰਾਉਂਣ ਲਈ ।
ਮੈਂ ਲਿਖਦਾ ਹਾਂ --------------

ਇੱਕ ਦਿਨ ਮੇਰੀਆਂ ਕਵਿਤਾਵਾਂ ਨੇ ,
ਲੋਕਾਂ ਨੂੰ 'ਕੱਠਿਆਂ ਕਰ ਦੇਣਾ ।
ਭੁੱਖਿਆਂ ਨੂੰ ਰੋਟੀ ਤੇ ਕੱਪੜਾ ,
ਤੇ ਬੇ-ਘਰਿਆਂ ਨੂੰ ਘਰ ਦੇਣਾ ।
ਹਰ ਸੂਝਵਾਨ ਫ਼ਿਰ ਸੋਚੇਗਾ ,
ਉੱਚਿਆਂ ਦੇ ਕਿੰਗਰੇ ਢਾਉਂਣ ਲਈ ।
ਮੈਂ ਲਿਖਦਾ ਹਾਂ ---------------

ਇੱਕ ਮੰਨ ਰੰਚਣਾਂ ਵਾਲ਼ੇ ਦੀ ,
ਛੱਡ ਗੀਤ ਰੁਮਾਂਟਿਕ ਗਾਉਂਣੇ ਤੂੰ ।
ਪੈਸੇ ਤੇ ਸ਼ੁਹਰਤ ਦੀ ਖ਼ਾਤਰ ,
ਲੋਕਾਂ ਦੇ ਦਿਲ ਪਰਚਾਉਂਣੇ ਤੂੰ ।
ਤੂੰ ਤੀਜੀ ਅੱਖ ਨੂੰ ਖੋਲ੍ਹ ਜ਼ਰਾ ,
ਭੁੱਲਿਆਂ ਨੂੰ ਰਾਹ ਦਿਖਾਉਂਣ ਲਈ ।
ਮੈਂ ਲਿਖਦਾ ਹਾਂ ----------------

ਆਵਾਜ਼ਿ ਕੌਮ AWAZE QAUM International Newspaper & WEB TV

-ਮੂਲ ਚੰਦ ਸ਼ਰਮਾ ਪ੍ਰਧਾਨ ,
ਪੰਜਾਬੀ ਸਾਹਿਤ ਸਭਾ ਧੂਰੀ ਜਿਲ੍ਹਾ ਸੰਗਰੂਰ। 9914836037

# ਘੱਟ ਗਿਣਤੀ ਵਿਦਿਆਰਥੀਆਂ ਲਈ ਸੈਸ਼ਨ 2025-26 ਵਾਸਤੇ ਫੀਸ ਵਾਪਸੀ ਦੀ ਰਕਮ 48 ਹਜ਼ਾਰ ਰੁਪਏ ਤੋਂ ਵਧਾਉਣ ਦੀ ਮੰਗ ਕਰਦਿਆਂ ਲਿਖਿਆ ਪੱਤਰ: ਜੌਲੀ

ਨਵੀਂ ਦਿੱਲੀ, 30 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਘੱਟ ਗਿਣਤੀ ਸੈਲ ਦੇ ਚੇਅਰਮੈਨ ਜਸਵਿੰਦਰ ਸਿੰਘ ਜੌਲੀ ਨੇ ਦਿੱਲੀ ਦੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੂੰ ਅਪੀਲ ਕੀਤੀ ਹੈ ਕਿ ਦਿੱਲੀ ਸਰਕਾਰ ਵੱਲੋਂ ਘੱਟ ਗਿਣਤੀ ਵਿਦਿਆਰਥੀਆਂ ਲਈ ਸਾਲਾਨਾ ਫੀਸ ਵਾਪਸੀ ਦੀ ਹੱਦ 48 ਹਜ਼ਾਰ ਰੁਪਏ ਤੋਂ ਵਧਾਈ ਜਾਵੇ। ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੂੰ ਲਿਖੇ ਪੱਤਰ ਵਿਚ ਸਰਦਾਰ ਜਸਵਿੰਦਰ ਸਿੰਘ ਜੌਲੀ ਨੇ ਕਿਹਾ ਕਿ ਮੌਜੂਦਾ ਸਮੇਂ ਵਿਚ ਘੱਟ ਗਿਣਤੀ ਵਿਦਿਆਰਥੀਆਂ ਲਈ ਫੀਸ ਵਾਪਸੀ ਦੀ ਇਹ ਹੱਦ 48 ਹਜ਼ਾਰ ਰੁਪਏ ਹੈ ਪਰ ਅਨੇਕਾਂ ਸਕੂਲਾਂ ਨੇ 2025-26 ਲਈ ਫੀਸਾਂ ਵਿਚ ਚੋਖਾ ਵਾਧਾ ਕਰ ਦਿੱਤਾ ਹੈ। ਉਹਨਾਂ ਕਿਹਾ ਕਿ ਮੌਜੂਦਾ ਦਰਾਂ ਦੇ ਹਿਸਾਬ ਨਾਲ ਫੀਸ ਵਾਪਸੀ ਨਾਲ ਘੱਟ ਗਿਣਤੀ ਨਾਲ ਸਬੰਧਤ ਪਰਿਵਾਰਾਂ ਨੂੰ ਆਰਥਿਕ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾਂ ਅਪੀਲ ਕੀਤੀ ਕਿ ਮੌਜੂਦਾ ਦਰ 48 ਹਜ਼ਾਰ ਰੁਪਏ ਤੋਂ ਵਧਾ ਕੇ 60 ਹਜ਼ਾਰ ਰੁਪਏ ਕੀਤੀ ਜਾਵੇ। ਉਹਨਾਂ ਕਿਹਾ ਕਿ ਇਸ ਦਰ ਵਿਚ ਵਾਧੇ ਨਾਲ ਇਹ ਯਕੀਨੀ ਬਣਾਇਆ ਜਾ ਸਕੇਗਾ ਕਿ ਘੱਟ ਗਿਣਤੀ ਵਰਗ ਦੇ ਮੈਰੀਟੋਰੀਅਸ ਤੇ ਕਾਬਲ ਵਿਦਿਆਰਥੀ ਸਿੱਖਿਆ ਤੋਂ ਵਾਂਝੇ ਨਾ ਹੋਣ। ਉਹਨਾਂ ਆਸ ਪ੍ਰਗਟ ਕੀਤੀ ਕਿ ਮਾਲੀਆ ਵਿਭਾਗ ਮੁੱਖ ਮੰਤਰੀ ਦੀ ਅਗਵਾਈ ਹੇਠ ਇਸ ਪਾਸੇ ਧਿਆਨ ਦਿੰਦਿਆਂ ਇਸ ਹੱਦ ਵਿਚ ਵਾਧਾ ਕਰੇਗਾ ਤਾਂ ਜੋ ਘੱਟ ਗਿਣਤੀ ਵਰਗ ਨੂੰ ਇਨਸਾਫ ਮਿਲ ਸਕੇ ਤੇ ਇਹਨਾਂ ਦੇ ਵਿਦਿਆਰਥੀ ਚੰਗੀ ਸਿੱਖਿਆ ਹਾਸਲ ਕਰ ਸਕਣ।



ਆਵਾਜ਼ਿ ਕੌਮ AWAZE QAUM International Newspaper & WEB TV

# Nankana Sahib Yatra Committe Uk



# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

# ਬਲਵੰਤ ਸਿੰਘ ਰਾਜੋਆਣਾ ਦਾ ਵੱਡਾ ਦਾਅਵਾ

## ਕਿਹਾ- ਸਾਲ 2027 'ਚ ਬਣੇਗੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ

- 'ਬਹੁਮਤ ਨਾਲ ਸਰਕਾਰ ਬਣਾਵੇਗਾ ਸ਼੍ਰੋਮਣੀ ਅਕਾਲੀ ਦਲ'
- 'ਅਕਾਲੀ ਸੀ, ਅਕਾਲੀ ਰਹਾਂਗਾ'
- ਰਾਜੋਆਣਾ ਨੂੰ ਸਿਹਤ ਜਾਂਚ ਲਈ ਲਿਆਂਦਾ ਗਿਆ ਸੀ ਪਟਿਆਲਾ ਦੇ ਰਾਜਿੰਦਰਾ ਹਸਪਤਾਲ



### ਭਾਈ ਬਲਵੰਤ ਸਿੰਘ ਰਾਜੋਆਣਾ ਦਾ ਬਿਆਨ ਅਧੂਰਾ

# ਅਕਾਲੀ ਸਰਕਾਰ ਤਾ ਬਣੇਗੀ ਜੇ ਸੁਖਬੀਰ ਬਾਦਲ ਟਰੂਡੋ ਵਾਗ ਤਿਆਗ ਦਿਖਾਉਣਗੇ

ਚੰਡੀਗੜ੍ਹ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਸ਼੍ਰੌਮਣੀ ਅਕਾਲੀ ਦਲ ਦੀ 2027 ਵਿੱਚ ਪੂਰਨ ਬਹੁਮਤ ਨਾਲ ਸਰਕਾਰ ਬਣੇਗੀ ਬਸ਼ਰਤੇ ਜੇ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਲੀਡਰਸ਼ਿਪ ਟਰੂਡੋ ਵਾਗ ਪਾਸੇ ਹੱਟ ਜਾਵੇ। ਇਹ ਪ੍ਰਤੀਕਿਰਿਆ ਆਲ ਇੰਡੀਆਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਸ੍ ਕਰਨੈਲ ਸਿੰਘ ਪੀਰਮੁਹੰਮਦ ਨੇ ਪਟਿਆਲਾ ਜੇਲ੍ਹ ਵਿੱਚ ਨਜ਼ਰਬੰਦ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਉਸ ਬਿਆਨ ਤੇ ਟਿੱਪਣੀ ਕਰਦਿਆ ਕੀਤੀ ਜਿਸ ਵਿੱਚ ਉਹਨਾਂ ਕਿਹਾ ਸੀ ਕਿ 2027 ਵਿੱਚ ਅਕਾਲੀ ਦਲ ਦੀ ਸਰਕਾਰ ਬਣੇਗੀ । ਸ੍ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਭਾਈ ਰਾਜੋਆਣਾ ਵਾਗ ਹਰੇਕ ਪੰਜਾਬੀ ਅਤੇ ਸਿੱਖ ਕੌਮ ਆਪਣੀ ਖੇਤਰੀ ਪਾਰਟੀ ਸ਼੍ਰੌਮਣੀ ਅਕਾਲੀ ਦਲ ਨੂੰ ਮੁੜ ਸਰਕਾਰ ਵਿੱਚ ਵੇਖਣਾ ਚਾਹੁੰਦੇ ਹਨ ਪਰ ਸੁਖਬੀਰ ਬਾਦਲ ਦੀ



ਅਗਵਾਈ ਵਿੱਚ ਕੁੱਝ ਲੋਕ ਆਪਣਾ ਕਬਜਾ ਤੇ ਆਪਣੇ ਅਹੁਦਿਆ ਨੂੰ ਬਰਕਰਾਰ ਰੱਖਣ ਦੀ ਜਿੱਦ ਵਿੱਚ ਸ਼੍ਰੌਮਣੀ ਅਕਾਲੀ ਦਲ ਨੂੰ ਗ੍ਰਹਿਣ ਲਗਾਈ ਬੈਠੇ ਹਨ । ਸ੍ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਜੇ ਜਸਟਿਨ

**ਉਹਨਾਂ ਨੂੰ ਆਪਣਾ ਪੂਰਾ ਬਿਆਨ ਦੇਣਾ ਚਾਹੀਦਾ : ਕਰਨੈਲ ਸਿੰਘ ਪੀਰਮੁਹੰਮਦ**

ਟਰੂਡੋ ਜਿਦ ਕਰਕੇ ਬੈਠ ਜਾਦੇ ਤਾ ਅੱਜ ਉਹਨਾਂ ਦੀ ਲਿਬਰਲ ਪਾਰਟੀ ਨੇ ਕੈਨੇਡਾ ਦੀਆ ਚੋਣਾ ਵਿੱਚ ਬੁਰੀ ਤਰਾ ਹਾਰ ਦੇਖਣੀ ਸੀ ਪਰ ਟਰੂਡੋ ਦੇ ਸਿਆਣੇ ਸਲਾਹਕਾਰਾ ਨੇ ਟਰੂਡੋ ਦੀ ਤੇ ਪਾਰਟੀ ਦੀ ਇੱਜਤ ਬਚਾ ਲਈ ਪਰ ਇਥੇ ਸ਼੍ਰੌਮਣੀ ਅਕਾਲੀ ਦਲ ਵਿੱਚ ਸਿਰਫ ਪ੍ਰਧਾਨ ਦੀ ਖੁਸਾਮਦ ਕਰਨ ਵਾਲੇ ਹੀ ਨਜਰ ਆਉਦੇ ਹਨ ।ਅਕਾਲੀਦਲ ਦੀ ਲੀਡਰਸ਼ਿਪ ਵਿੱਚ ਵੀ ਮਾਰਕ ਕਾਰਨੀ ਵਰਗਾ ਲੀਡਰ ਲਿਆਉਣ ਦੀ ਸਮੇ ਦੀ ਮੰਗ ਹੈ।

# ਡਿਵੀਜ਼ਨ ਪ੍ਰਧਾਨ ਦਿਲਬਾਗ ਨੂੰ ਦਿੱਤੀ ਵਿਦਾਇਗੀ ਪਾਰਟੀ

ਚੌਕ ਮਹਿਤਾ,30 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ ) ਪੰਜਾਬ ਦੀ ਸਰਮੌਰ ਜਥੇਬੰਦੀ ਟੈਕਨੀਕਲ ਸਰਵਿਸ ਯੂਨੀਅਨ ਦੇ ਡਿਵੀਜ਼ਨਲ ਪ੍ਰਧਾਨ ਦਿਲਬਾਗ ਸਿੰਘ ਠੱਠਾ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ ਇਹ ਵਿਚਾਰ ਉਹਨਾਂ ਦੀ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਬਤੌਰ ਲਾਈਨ ਮੈਨ ਦੀ ਸੇਵਾ ਮੁਕਤੀ ਵਿਦਾਇਗੀ ਪਾਰਟੀ ਨੂੰ ਸੰਬੋਧਨ ਕਰਦਿਆਂ ਬਾਰਡਰ ਜ਼ੋਨ ਪ੍ਰਧਾਨ ਅਮਨ ਬੀਰ ਸਿੰਘ ਸੂਬਾ ਪ੍ਰਧਾਨ ਸਾਬਕਾ ਮੁਖਤਾਰ ਸਿੰਘ ਮੁਹਾਵਾ ਡਿਵੀਜ਼ਨ ਸਕੱਤਰ ਵੈਸਟ ਜੁਗਰਾਜ ਸਿੰਘ ਤੋਲਾ ਨੰਗਲ ਪ੍ਰੈਸ ਨਾਲ ਗੱਲਬਾਤ



ਕਰਦਿਆਂ ਸਾਂਝੇ ਕੀਤੇ ਉਹਨਾਂ ਕਿਹਾ ਕਿ ਜਿੱਥੇ ਦਿਲਬਾਗ ਸਿੰਘ ਵੱਲੋਂ ਹਮੇਸ਼ਾ ਮੁਲਾਜ਼ਮ ਭਾਈਚਾਰੇ ਦੀਆਂ ਮੰਗਾਂ ਪ੍ਰਤੀ ਡੱਟ ਕੇ ਸਾਥ ਦਿੱਤਾ ਗਿਆ ਉੱਥੇ ਜਥੇਬੰਦੀ ਸਦਾ ਰਿਣੀ ਰਹੇਗੀ ਐਸਡੀਓ ਹਰਪ੍ਰੀਤ ਸਿੰਘ ਐਸਡੀਓ ਆਰ ਪੀ ਸਿੰਘ ਮੈਡਮ ਕਵਲਜੀਤ ਕੌਰ ਇੰਜੀਨੀਅਰ ਨੌ ਨਿਹਾਲ ਸਿੰਘ ਮੇਜਰ ਸਿੰਘ ਵੱਲੋਂ ਦਿਲਬਾਗ ਸਿੰਘ ਨੂੰ ਸੋਨੇ ਦੀ ਮੁੰਦਰੀ ਪਾ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਕਵਲਜੀਤ ਸਿੰਘ ਗੁਰੂ ਨਾਮ ਸਿੰਘ ਅਸ਼ੋਕ ਕੁਮਾਰ ਹਰਭੇਜ ਸਿੰਘ ਆਦਿ ਹਾਜ਼ਰ ਸਨ।

# ਅਦਾਕਾਰ "ਪ੍ਰਿਤਪਾਲ ਪਾਲੀ" ਵੱਖਰੇ ਅੰਦਾਜ਼ ਵਿਚ ਨਜ਼ਰ ਆਉਣਗੇ "ਗੁਰੂ ਨਾਨਕ ਜਹਾਜ" ਮੂਵੀ ਵਿੱਚ ਇੱਕ ਮਈ ਨੂੰ




ਪੰਜਾਬੀ ਫਿਲਮ ਜਗਤ ਵਿੱਚ ਵੱਡਾ ਯੋਗਦਾਨ ਪਾਉਣ ਆ ਰਹੀ, ਜੋ ਪੰਜਾਬ ਨਹੀ ਪੂਰੀ ਦੁਨੀਆ ਵਿਚ ਤਹਿਲਕਾ ਮਚਾਵੇਗੀ ।ਇਸ ਫਿਲਮ ਦੇ ਟ੍ਰੇਲਰ ਨੂੰ ਪੰਜ ਮਿਲੀਅਨ ਤੋ ਉਪਰ ਲੋਕਾਂ ਵੱਲੋਂ ਦੇਖਿਆਂ ਜਾ ਚੁੱਕਾ ਹੈ। ਇਹ ਪੰਜਾਬੀ ਮੂਵੀ ਹਾਲੀਵੁੱਡ ਦੀ ਮੂਵੀ ਨੂੰ ਨੂੰ ਪਿਛੇ ਛੱਡ ਮੂਹਰਲੀ ਕਤਾਰ ਵਿਚ ਆਉਣ ਦੀ ਫਿਤਰਤ ਰੱਖਦੀ ਹੈ । ਮੈ ਗੱਲ ਕਰਨ ਜਾ ਰਿਹਾ ਪੰਜਾਬੀ ਮੂਵੀ "ਗੁਰੂ ਨਾਨਕ ਜਹਾਜ" ਕਾਮਾਗਾਟਾ ਮਾਰੂ 1914 ਵਾਪਸੀ ਅਸਲ ਇਤਿਹਾਸਿਕ ਘਟਨਾ । ਇਸ ਦੀ ਸਟੋਰੀ ਫਿਲਮ ਲੇਖਕ "ਹਰਨਵ ਵੀਰ ਸਿੰਘ ਤੇ ਸਰਨ ਆਰਟ ਦੁਆਰਾ ਲਿਖੀ ਅਤੇ ਪੇਸ਼ਕਸ਼ " ਵਿਹਲੀ ਜੰਨਤਾ ਫਿਲਮਜ਼" ਦੀ ਹੈ ।ਇਸ ਦੇ ਡਾਇਰੈਕਟਰ "ਸਰਨ ਆਰਟ" ਨੇ ਬਹੁਤ ਮਿਹਨਤ ਲਗਨ, ਚੰਗੀ ਤਕਨੀਕ ਨਾਲ ਤਿਆਰ ਕੀਤਾ। ਇਸ ਫ਼ਿਲਮ ਦੇ ਪ੍ਰੋਡਿਊਸਰ ਮਨਪ੍ਰੀਤ ਜੌਹਲ ਤੇ ਸਹਾਇਕ ਪ੍ਰੋਡਿਊਸਰ ਕਰਮਜੀਤ ਸਿੰਘ ਜੌਹਲ ਬਹੁਤ ਆਸਾ ਉਮੀਦਾ ਹਨ। ਕੈਮਰਾਮੈਨ "ਜੇਪੀ ਸਿੰਘ" ਬੜੀ ਖੂਬਸੂਰਤੀ ਤੇ ਬਰੀਕੀ ਅੱਖ ਨਾਲ ਦ੍ਰਿਸ਼ਾਂ ਨੂੰ ਕੈਮਰੇ ਵਿੱਚ ਕੈਦ ਕੀਤਾ।

ਇਸ ਪੰਜਾਬੀ ਮੂਵੀ ਵਿੱਚ ਅਦਾਕਾਰ ਵਜੋ ਪਾਲੀਵੁੱਡ,ਬਾਲੀਵੁੱਡ ਨਹੀ , ਹਾਲੀਵੁੱਡ ਦੇ ਅਦਾਕਾਰ ਵੀ ਦੇਖੇ ਜਾਣਗੇ। ਪੰਜਾਬੀ ਲੋਕ ਗਾਇਕੀ ਵਿਚ ਦਿਗਜ ਲੋਕ ਗਾਇਕਾ ਵਿਚ ਗਿਣੇ ਜਾਂਦੇ, ਪ੍ਰਸਿੱਧ ਚਰਚਿਤ ਲੋਕ ਗਾਇਕ ਤੇ ਅਦਾਕਾਰ ਲੀਜੈਂਡ ਤਰਸੇਮ ਜੱਸੜ ਲੀਡਿੰਗ ਰੋਲ ਵਿਚ ਨਜ਼ਰ ਆਉਣਗੇ। ਇਸ ਤੋ ਇਲਾਵਾ ਕਮੇਡੀ ਦੇ ਬਾਦਸ਼ਾਹ ਤੇ ਅਦਾਕਾਰ ਗੁਰਪ੍ਰੀਤ ਘੁੱਗੀ, ਹਾਲੀਵੁੱਡ ਦੇ ਅਦਾਕਾਰ ਮਾਰਕ ਬੇਨਿੰਗਟਨ ਤੇ ਐਡਵਰਡ ਸੋਨਨਬਲਿਕ ਵੀ ਅਦਾਕਾਰੀ ਦੇ ਜਲਵੇ ਦਿਖਾਉਣਗੇ ।ਮੰਝੇ ਅਦਾਕਾਰ ਸਤਿੰਦਰ ਕਾਸੋਨਾ, ਬਲਵਿੰਦਰ ਬੁਲਿਟ,ਹਰਸਰਨ ਸਿੰਘ, ਅਮਨ ਧਾਲੀਵਾਲ ਤੇ ਪ੍ਰਿਤਪਾਲ ਪਾਲੀ ਪਾਲੀਵੁੱਡ ਤੇ ਬਾਲੀਵੁੱਡ ਦੇ ਨਾਮਵਰ ਅਦਾਕਾਰ ਨੇ ਅਦਾਕਾਰੀ ਨਾਲ ਆਪਣਾ ਸੁਮਾਰ ਕਰਵਾਇਆਂ। ਅਦਾਕਾਰ ਪ੍ਰਿਤਪਾਲ ਪਾਲੀ ਵੱਖਰੇ ਅੰਦਾਜ਼ ਵਿਚ ਨਜ਼ਰ ਆਉਣਗੇ।

ਇਹ ਮੂਵੀ "ਵਰਲਡ ਵਾਈਡ ਤੇ ਓਮਜੀ ਸਿਨੇ ਵਰਲਡ" ਤੇ "ਇਕ ਮਈ" ਨੂੰ ਸਿਨੇਮਾਘਰਾਂ ਵਿਚ ਵੱਡੇ ਪੱਧਰ ਤੇ ਦਰਸ਼ਕਾਂ ਨੂੰ ਓਹ ਇਤਿਹਾਸਕ "1914" ਦੀਆਂ ਦੁਖਦਾਇਕ ਪਲ ਨਾਲ ਸਾਂਝ ਪਾਵੇਗੀ। "ਗੁਰੂ ਨਾਨਕ ਜਹਾਜ" ਦੀ ਪੂਰੀ ਟੀਮ ਨੂੰ ਸੁੱਭਕਾਮਨਾਵਾਂ । ਆਮੀਨ

-ਸ਼ਿਵਨਾਥ ਦਰਦੀ ਫ਼ਰੀਦਕੋਟ, ਫਿਲਮ ਜਰਨਲਿਸਟ
ਸੰਪਰਕ:- 9855155392

# ਬਾਲੀਆਂ ਅਤੇ ਕੁੰਭੜਵਾਲ ਵਿਖੇ ਤੰਬਾਕੂਨੋਸ਼ੀ ਕਰਨ ਵਾਲਿਆਂ ਅਤੇ ਵੇਚਣ ਵਾਲਿਆਂ ਦੇ ਚਲਾਣ ਕੱਟੇ



ਧੂਰੀ ( ਰਣਜੀਤ ਸਿੰਘ ਪੇਧਨੀ )-ਸਿਵਲ ਸਰਜਨ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ ਅਤੇ ਐਸ ਐਮ ਓ ਡਾਕਟਰ ਸੰਦੀਪ ਸਿੱਧੂ ਦੀ ਯੋਜ ਅਗਵਾਈ ਵਿੱਚ ਪਿੰਡ ਬਾਲੀਆਂ ਅਤੇ ਕੁੰਭੜਵਾਲ ਵਿਖੇ ਤੰਬਾਕੂਨੋਸ਼ੀ ਕਰਨ ਵਾਲਿਆਂ ਅਤੇ ਵੇਚਣ ਵਾਲਿਆਂ ਦੇ ਚਲਾਣ ਕੱਟੇ ਗਏ ਅਤੇ ਲੋਕਾਂ ਨੂੰ ਤੰਬਾਕੂ ਦੇ ਬੁਰੇ ਪ੍ਰਭਾਵਾਂ ਅਤੇ ਤੰਬਾਕੂਨੋਸ਼ੀ ਕਰਨ ਕਾਰਨ ਹੋਣ ਵਾਲੀਆਂ ਬਿਮਾਰੀਆਂ ਬਾਰੇ ਜਾਗਰੂਕ ਅਤੇ ਦੱਸਿਆ ਕਿ ਤੰਬਾਕੂਨੋਸ਼ੀ ਕਰਨਾ ਮੌਤ ਨੂੰ ਸੱਦਾ ਦੇਣਾ ਹੈ। ਤੰਬਾਕੂ ਦੇ ਸੇਵਨ ਕਰਨ ਨਾਲ ਮੂੰਹ ਦਾ ਕੈਂਸਰ ਅਤੇ ਫੇਫੜਿਆਂ ਦੇ ਕੈਂਸਰ ਨਾਲ ਹਰ ਸਾਲ ਮੌਤ ਦਰ ਵਿੱਚ ਵਾਧਾ ਹੋ ਰਿਹਾ ਹੈ ਅਤੇ ਤੰਬਾਕੂਨੋਸ਼ੀ ਕਰਨ ਵਾਲਿਆ ਅਤੇ ਦੁਕਾਨਦਾਰਾਂ ਦੇ 7 ਚਲਾਣ ਕੱਟੇ ਅਤੇ 500 ਰੁਪਏ ਜੁਰਮਾਨਾ ਕੀਤਾ ਗਿਆ । ਟੀਮ ਮੈਂਬਰ ਅਸ਼ੋਕ ਕੁਮਾਰ ਹੈੱਲਥ ਇੰਸਪੈਕਟਰ ਕਾਂਝਲਾ ਅਤੇ ਗੁਰਜੰਟ ਸਿੰਘ ਹੈੱਲਥ ਇੰਸਪੈਕਟਰ ਕਾਂਝਲਾ ਅਤੇ ਗੁਰਵਿੰਦਰ ਸਿੰਘ ਕਿਲਾਂ ਹਕੀਮਾਂ ਹਰਜੀਤ ਸਿੰਘ ਬਾਲੀਆਂ ਮਲਟੀ ਪਰਪਜ਼ ਹੈੱਲਥ ਵਰਕਰ ( ਮ) ਹਾਜ਼ਰ ਸਨ

### ਵਿਧਾਨ ਸਭਾ ਹਲਕਾ ਜੰਡਿਆਲਾ ਵਿਖੇ ਕਾਂਗਰਸ ਨੂੰ ਵੱਡਾ ਝਟਕਾ

# ਕੈਬਿਨੇਟ ਮੰਤਰੀ ਹਰਭਜਨ ਸਿੰਘ ਈਟੀਓ ਦੀ ਹਾਜ਼ਰੀ ਵਿੱਚ ਫਤਿਹਪੁਰ ਰਾਜਪੂਤਾਂ ਖੁਰਦ ਵੱਡੀ ਗਿਣਤੀ ਚ ਲੋਕ ਆਪ 'ਚ ਸ਼ਾਮਲ



**ਜੰਡਿਆਲਾ ਗੁਰੂ 30 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਨੀਤੀਆਂ ਤੋ ਲੋਕ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਰਹੇ ਹਨ ਅਤੇ ਸਰਕਾਰ ਵਲੋ ਲਿਆਂਦੀ ਗਈ ਸਿੱਖਿਆ ਕ੍ਰਾਂਤੀ ਪੰਜਾਬ ਵਿੱਚ ਇੱਕ ਵੱਡਾ ਬਦਲਾਅ ਲੈ ਕੇ ਆਵੇਗੀ ਅਤੇ ਸਰਕਾਰੀ ਸਕੂਲਾਂ ਦੇ ਬੱਚੇ ਵੀ ਹੁਣ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਨਾਲੋਂ ਵਧੀਆ ਸਿੱਖਿਆ ਪ੍ਰਾਪਤ ਕਰ ਸਕਣਗੇ।ਇੰਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਅੱਜ ਜੰਡਿਆਲਾ ਗੁਰੂ ਹਲਕੇ ਦੇ ਪਿੰਡ ਫਤਿਹਪੁਰ ਰਾਜਪੂਤਾਂ ਖੁਰਦ ਵਿਖੇ ਕਾਂਗਰਸ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਜਸਵਿੰਦਰ ਸਿੰਘ , ਤਰਸੇਮ ਸਿੰਘ (ਸਾਬਕਾ ਸਰਪੰਚ),ਚੰਨਦੀਪ ਸਿੰਘ, ਜਗਦੀਪ ਸਿੰਘ ,ਹਰਦੀਪ ਸਿੰਘ ਸੰਦੀਪ ਸਿੰਘ,ਮਨਦੀਪ ਸਿੰਘ ,ਰਾਜਵੀਰ ਸਿੰਘ, ਇਕਬਾਲ ਸਿੰਘ, ਸਿਮਰਨ ਸਿੰਘ ਅਤੇ ਹੋਰ ਸਾਥੀਆਂ ਦਾ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਣ ਤੇ ਸਵਾਗਤ ਕਰਦੇ ਸਮੇ ਕੀਤਾ। ਉਹਨਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਤੋ ਖ਼ੁਸ਼ ਹੋ ਕੇ ਵੱਡੀ ਗਿਣਤੀ ਵਿਚ ਲੋਕ ਆਪਣੀਆਂ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਆਪ ਵਿਚ ਸ਼ਾਮਲ ਹੋ ਰਹੇ ਹਨ।ਉਨਾਂ ਦੱਸਿਆ ਕਿ ਅੱਜ ਜੰਡਿਆਲਾ ਗੁਰੂ ਹਲਕੇ ਦੇ ਪਿੰਡ ਫਤਿਹਪੁਰ ਰਾਜਪੂਤਾਂ ਖੁਰਦ ਵਿਖੇ ਕਾਂਗਰਸ ਦੇ ਵਰਕਰ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਏ ਹਨ।ਉਨਾਂ ਸ਼ਾਮਲ ਹੋਣ ਵਾਲੇ ਵਰਕਰਾਂ ਦਾ ਸਨਮਾਨ ਕਰਦੇ ਹੋਏ ਕਿਹਾ ਕਿ ਇੰਨ੍ਹਾਂ ਦਾ ਪਾਰਟੀ ਵਿਚ ਪੂਰਾ ਬਣਦਾ ਮਾਣ ਸਤਿਕਾਰ ਕੀਤਾ ਜਾਵੇਗਾ।ਕੈਬਿਨਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਲਿਆਂਦੀ ਗਈ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਨਵੇਂ ਸਮਾਰਟ ਕਲਾਸ ਰੂਮ, ਚਾਰ ਦੁਆਰੀ, ਨਵੇਂ ਬਾਥਰੂਮ ਨਵੀਆਂ ਲੈਬਾਂ ਅਤੇ ਹੋਰ ਆਧੁਨਿਕ ਸਮਾਨ ਮੁਹਈਆ ਕਰਵਾਇਆ ਜਾ ਰਿਹਾ ਹੈ ਜਿਸ ਨਾਲ ਸਾਡੇ ਬੱਚੇ ਵੀ ਹੁਣ ਵਧੀਆ ਸਿੱਖਿਆ ਪ੍ਰਾਪਤ ਕਰ ਸਕਣਗੇ ਉਹਨਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਪੰਜਾਬ ਵਿੱਚ ਇੱਕ ਵੱਡਾ ਬਦਲਾਅ ਲੈ ਕੇ ਆਵੇਗੀ।ਉਹਨਾਂ ਕਿਹਾ ਕਿ ਜੰਡਿਆਲਾ ਹਲਕੇ ਵਿੱਚ ਵਿਰੋਧੀ ਪਾਰਟੀਆਂ ਨੂੰ ਛੱਡ ਕੇ ਲੋਕ ਆਮ ਆਦਮੀ ਪਾਰਟੀਆਂ ਦੀ ਨੀਤੀਆਂ ਤੋਂ ਖ਼ੁਸ਼ ਹੋ ਕੇ ਸਾਡੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਭਾਰਤੀ ਇਤਿਹਾਸ ਵਿਚ ਪਹਿਲੀ ਵਾਰ ਹੋਇਆ ਹੈ ਕਿ ਆਮ ਆਦਮੀ ਪਾਰਟੀ ਨੇ ਆਪਣੇ ਸ਼ਾਸਨ ਦੇ ਪਹਿਲੇ ਸਾਲ ਵਿਚ ਹੀ ਪੰਜਾਬ ਵਿਚ ਲੋਕਾਂ ਨੂੰ ਮੁਢਲੀਆਂ ਸਹੂਲਤਾਂ ਦਿੱਤੀਆਂ ਹਨ, ਜਿਵੇ ਕਿ 600 ਯੂਨਿਟ ਬਿਜਲੀ ਮੁਫਤ, ਬੱਸਾਂ ਦੀ ਮੁਫਤ ਸਹੂਲਤ, 50 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ,ਮੁਫਤ ਰਾਸ਼ਨ ਦੀ ਸੁਵਿਧਾ ਦਿੱਤੀ ਹੈ।ਸ: ਈ.ਟੀ.ਓ ਨੇ ਕਿਹਾ ਕਿ ਮੈਂ ਜੰਡਿਆਲਾ ਗੁਰੂ ਦੇ ਲੋਕਾਂ ਦਾ ਰਿਣੀ ਹਾਂ ਜਿਨਾਂ ਨੇ ਮੈਨੂੰ ਇਨਾਂ ਮਾਨ ਸਤਿਕਾਰ ਦਿੱਤਾ ਹੈ। ਉਨਾਂ ਕਿਹਾ ਕਿ ਜੰਡਿਆਲਾ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾ ਕਿਹਾ ਕਿ ਇਨ੍ਹਾਂ ਦਾ ਪਾਰਟੀ ਵਿਚ ਸ਼ਾਮਿਲ ਹੋਣ ਨਾਲ ਪਾਰਟੀ ਹੋਰ ਮਜ਼ਬੂਤ ਹੋਈ ਹੈ।

**ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖ਼ੁਸ਼ ਹੋ ਕੇ ਲੋਕ ਹੋ ਰਹੇ ਹਨ ਸ਼ਾਮਲ . ਈ ਟੀ ਓ**

### ਸਿੱਖਿਆ ਦੇ ਖੇਤਰ 'ਚ ਸੁਧਾਰ ਲਿਆਉਣ ਲਈ ਜ਼ਮੀਨੀ ਪੱਧਰ 'ਤੇ ਉਪਰਾਲੇ ਜਾਰੀ- ਪ੍ਰੋ. ਬਲਜਿੰਦਰ ਕੌਰ

# ਵੱਖ-ਵੱਖ ਸਕੂਲਾਂ 'ਚ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



**ਤਲਵੰਡੀ ਸਾਬੋ, 30 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਸਿੱਖਿਆ ਦੇ ਖੇਤਰ 'ਚ ਸੁਧਾਰ ਲਿਆਉਣ ਲਈ ਜ਼ਮੀਨੀ ਪੱਧਰ 'ਤੇ ਲਗਾਤਾਰ ਉਪਰਾਲੇ ਜਾਰੀ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਚੀਫ ਵਿੱਪ ਅਤੇ ਤਲਵੰਡੀ ਸਾਬੋ ਤੋਂ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ "ਪੰਜਾਬ ਸਿੱਖਿਆ ਕ੍ਰਾਂਤੀ" ਮੁਹਿੰਮ ਤਹਿਤ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਮਾਂ ਮੰਡੀ, ਸਰਕਾਰੀ ਪ੍ਰਾਇਮਰੀ ਸਕੂਲ ਤੇ ਸਰਕਾਰੀ ਹਾਈ ਸਕੂਲ ਤਰਖਾਣਵਾਲਾ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਸੁਖਲੱਧੀ ਵਿਖੇ ਸਕੂਲ ਦੇ ਮੁਕੰਮਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚਾ ਮਜ਼ਬੂਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਨੂੰ ਅੰਤਰਰਾਸ਼ਟਰੀ ਵਿੱਦਿਅਕ ਸੰਸਥਾਵਾਂ ਦੇ ਹਾਣੀ ਬਣਾਉਣ ਲਈ ਕਲਾਸਰੂਮ, ਬੁਨਿਆਦੀ ਢਾਂਚਾ ਅਤੇ ਡਿਜੀਟਲ ਸਿਖਲਾਈ ਸਹੂਲਤਾਂ ਦਾ ਆਧੁਨਿਕੀਕਰਨ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਸਰਕਾਰੀ ਸਕੂਲਾਂ ਦੇ ਬੱਚੇ ਵੱਕਾਰੀ ਮੁਕਾਬਲੇਬਾਜ਼ੀ ਦੀਆਂ ਪ੍ਰੀਖਿਆਵਾਂ ਪਾਸ ਕਰ ਰਹੇ ਹਨ ਅਤੇ ਆਪਣੇ ਸਕੂਲ, ਅਧਿਆਪਕਾਂ ਤੇ ਮਾਪਿਆਂ ਦਾ ਨਾਮ ਰੌਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ 'ਚ ਕੀਤੇ ਜਾ ਰਹੇ ਇਨ੍ਹਾਂ ਵਿਕਾਸ ਕਾਰਜਾਂ ਤੇ ਸੁਧਾਰਾਂ ਨੇ ਵਿਦਿਆਰਥੀਆਂ ਨੂੰ ਸਿੱਖਣ ਦਾ ਬਿਹਤਰ ਮਾਹੌਲ ਪ੍ਰਦਾਨ ਕੀਤਾ ਹੈ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ, ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਆਦਿ ਹਾਜ਼ਰ ਸਨ।



# ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕੱਢੀ ਗਈ ਜਾਗਰੂਕਤਾ ਰੈਲੀ



**ਚੌਕ ਮਹਿਤਾ, 30 ਅਪ੍ਰੈਲ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਜਿਲਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਇੱਕ ਜਾਗਰੂਕਤਾ ਰੈਲੀ ਮਕਬੂਲਪੁਰਾ ਚੌਕ ਅੰਮ੍ਰਿਤਸਰ ਵਿਖੇ ਤੋਂ ਕੱਢੀ ਗਈ। ਇਸ ਦੌਰਾਨ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਪੂਰੇ ਜ਼ਿਲੇ ਭਰ ਵਿੱਚ ਵੱਖ-ਵੱਖ ਥਾਵਾਂ ਤੇ ਰੈਲੀਆਂ ਕੱਢੀਆਂ ਜਾ ਰਹੀਆਂ ਹਨ, ਇਸ ਦਾ ਮੁੱਖ ਮਕਸਦ ਆਮ ਲੋਕਾਂ ਤੱਕ ਇਸ ਮੁਹਿੰਮ ਬਾਰੇ ਜਾਣਕਾਰੀ ਪਹੁੰਚਾਉਣਾ ਹੈ, ਤਾਂ ਜੋ ਜਿਹੜੇ ਵੀ ਲੋਕ ਨਸ਼ੇ ਛੱਡਣੇ ਚਾਹੁੰਦੇ ਹਨ, ਉਹਨਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰ ਵਿਖੇ ਮੁਫਤ ਇਲਾਜ ਲਈ ਲਿਆਂਦਾ ਜਾ ਸਕੇ। ਉਹਨਾਂ ਆਖਿਆ ਕਿ ਸਰਕਾਰੀ ਨਸ਼ਾ ਛਡਾਊ ਕੇਂਦਰ ਵਿਖੇ, ਨਸ਼ਾ ਕਰਨ ਵਾਲਿਆਂ ਦਾ ਮੈਡੀਕਲ ਤਰੀਕੇ ਨਾਲ ਮੁਫਤ ਇਲਾਜ ਕੀਤਾ ਜਾਂਦਾ ਹੈ ਅਤੇ ਇਲਾਜ ਤੋ ਇਨਾ ਲੋਕਾਂ ਨੂੰ ਰੋਜ਼ਗਾਰ ਕਰਨ ਦੇ ਕਾਬਲ ਬਣਾਇਆ ਜਾਂਦਾ ਹੈ ਤਾਂ ਜੋ ਉਹ ਸਮਾਜ ਵਿੱਚ ਬੋਝ ਨਾ ਬਣਨ ਅਤੇ ਆਪਣੇ ਤੇ ਆਪਣੇ ਪਰਿਵਾਰ ਦੇ ਮੈਂਬਰਾਂ ਦੀ ਦੇਖਭਾਲ ਕਰ ਸਕਣ ਅਤੇ ਇੱਕ ਚੰਗੇ ਨਾਗਰਿਕ ਬਣ ਸਕਣ। ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਇਸ ਸਬੰਧੀ ਇੱਕ ਟੋਲ ਫਰੀ ਨੰਬਰ ਜਾਰੀ ਕੀਤਾ ਗਿਆ ਹੈ। ਜੋ ਕਿ 1800-1376-754 ਹੈ। ਇਸ ਨੰਬਰ ਤੇ ਇਸ ਮੁਹਿੰਮ ਸਬੰਧੀ ਪੂਰੀ ਜਾਣਕਾਰੀ ਉਪਲਬਧ ਹੈ। ਇਸ ਰੈਲੀ ਵਿੱਚ ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ, ਪੈਰਾਮੈਡੀਕਲ ਸਟਾਫ ਅਤੇ ਅਮਨਦੀਪ ਨਰਸਿੰਗ ਕਾਲਜ ਦੇ ਨਰਸਿੰਗ ਸਟੂਡੈਂਟਸ ਨੇ ਹਿੱਸਾ ਲਿਆ।

# ਸਦਰ ਬਾਜ਼ਾਰ ਦੇ ਵਪਾਰੀਆਂ ਨੇ ਮੇਅਰ ਰਾਜਾ ਇਕਬਾਲ ਸਿੰਘ ਨਾਲ ਮੁਲਾਕਾਤ ਕਰਕੇ ਆਪਣੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ



**ਨਵੀਂ ਦਿੱਲੀ 30 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:-ਸਦਰ ਬਾਜ਼ਾਰ ਟਰੇਡਜ਼ ਐਸੋਸੀਏਸ਼ਨ ਫੈਡਰੇਸ਼ਨ ਦੇ ਅਧਿਕਾਰੀਆਂ ਨੇ ਦਿੱਲੀ ਦੇ ਨਵੇਂ ਚੁਣੇ ਗਏ ਮੇਅਰ ਰਾਜਾ ਇਕਬਾਲ ਸਿੰਘ ਨਾਲ ਮੁਲਾਕਾਤ ਕੀਤੀ। ਇਸ ਵਫ਼ਦ ਵਿੱਚ ਫੇਸਟਾ ਦੇ ਚੇਅਰਮੈਨ ਪਰਮਜੀਤ ਸਿੰਘ ਪੰਮਾ, ਪ੍ਰਧਾਨ ਰਾਕੇਸ਼ ਕੁਮਾਰ ਯਾਦਵ, ਜਨਰਲ ਸਕੱਤਰ ਰਾਜਿੰਦਰ ਸ਼ਰਮਾ, ਸਤਪਾਲ ਸਿੰਘ ਮੰਗਾ, ਕਮਲ ਕੁਮਾਰ ਅਤੇ ਖਜ਼ਾਨਚੀ ਦੀਪਕ ਮਿੱਤਲ ਸ਼ਾਮਲ ਸਨ। ਇਸ ਮੌਕੇ ਪਰਮਜੀਤ ਸਿੰਘ ਪੰਮਾ ਅਤੇ ਰਾਕੇਸ਼ ਯਾਦਵ ਨੇ ਮੇਅਰ ਰਾਜਾ ਇਕਬਾਲ ਸਿੰਘ ਨੂੰ ਸਦਰ ਬਾਜ਼ਾਰ ਦੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਅਤੇ ਕਿਹਾ ਕਿ ਨਗਰ ਨਿਗਮ ਵੱਲੋਂ ਹਾਊਸ ਟੈਕਸ ਦੇ ਨਾਲ-ਨਾਲ ਯੂਜ਼ਰ ਚਾਰਜ ਲਗਾਉਣ ਕਾਰਨ ਵਪਾਰੀਆਂ ਵਿੱਚ ਭਾਰੀ ਰੋਸ ਹੈ। ਸਦਰ ਬਾਜ਼ਾਰ ਵਿੱਚ ਬਹੁਤ ਸਾਰੀਆਂ ਛੋਟੀਆਂ ਦੁਕਾਨਾਂ ਹਨ ਜਿਨ੍ਹਾਂ ਦੇ ਹਾਊਸ ਟੈਕਸ ਦੀ ਕੀਮਤ ਰੁਪਏ 500 ਜਾਂ 700 ਹੈ। ਇਸ ਦੇ ਨਾਲ ਹੀ, 5000 ਰੁਪਏ ਦਾ ਯੂਜ਼ਰ ਚਾਰਜ ਛੋਟੇ ਵਪਾਰੀਆਂ 'ਤੇ ਬੋਝ ਪਾਵੇਗਾ, ਜਿਸ ਕਾਰਨ ਵਪਾਰੀ ਬਹੁਤ ਗੁੱਸੇ ਵਿੱਚ ਹਨ। ਪਰਮਜੀਤ ਸਿੰਘ ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਨੇੜਲੇ ਭਵਿੱਖ ਵਿੱਚ ਬਰਸਾਤ ਦਾ ਮੌਸਮ ਆ ਰਿਹਾ ਹੈ ਜਿਸ ਕਾਰਨ ਪਾਣੀ ਦੁਕਾਨਾਂ ਵਿੱਚ ਦਾਖਲ ਹੋ ਜਾਂਦਾ ਹੈ। ਇਸ ਨੂੰ ਧਿਆਨ ਵਿੱਚ ਰੱਖਦੇ ਹੋਏ, ਨਗਰ ਨਿਗਮ ਨੂੰ ਸਾਰੀਆਂ ਸੀਵਰ ਲਾਈਨਾਂ ਦੀ ਪਹਿਲਾਂ ਤੋਂ ਸਫਾਈ ਕਰਨੀ ਚਾਹੀਦੀ ਹੈ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਨਗਰ ਨਿਗਮ ਵੱਲੋਂ ਸਦਰ ਬਾਜ਼ਾਰ ਪੁਲਿਸ ਸਟੇਸ਼ਨ ਤੋਂ 12 ਟੂਟੀ ਚੌਕ ਤੱਕ ਦਿੱਤੀ ਗਈ ਪਾਰਕਿੰਗ ਨੂੰ ਰੱਦ ਕੀਤਾ ਜਾਵੇ ਕਿਉਂਕਿ ਇਹ ਪੀਲੀ ਲਾਈਨ ਤੋਂ ਪਰੇ ਦੋ-ਤਿੰਨ ਲਾਈਨਾਂ ਬਣਾਉਂਦੀਆਂ ਹਨ ਜਿਸ ਕਾਰਨ ਰੋਜ਼ਾਨਾ ਟ੍ਰੈਫਿਕ ਜਾਮ ਹੁੰਦਾ ਹੈ ਅਤੇ ਕਈ ਵਾਰ ਅਪਰਾਧਿਕ ਘਟਨਾਵਾਂ ਵੀ ਵਾਪਰਦੀਆਂ ਹਨ। ਇਸ ਮੌਕੇ ਰਾਜਿੰਦਰ ਸ਼ਰਮਾ ਅਤੇ ਸਤਪਾਲ ਸਿੰਘ ਮੰਗਾ ਨੇ ਮੇਅਰ ਤੋਂ ਸੜਕਾਂ ਉਪਰ ਕੀਤੇ ਗਏ ਨਾਜਾਇਜ ਕਬਜ਼ੇ ਹਟਾਉਣ ਵਿਰੁੱਧ ਕਾਰਵਾਈ ਕਰਨ ਦੀ ਮੰਗ ਕੀਤੀ। ਕਮਲ ਕੁਮਾਰ ਅਤੇ ਦੀਪਕ ਮਿੱਤਲ ਨੇ ਦੱਸਿਆ ਕਿ ਸਦਰ ਬਾਜ਼ਾਰ ਵਿੱਚ ਕੁਝ ਥਾਵਾਂ 'ਤੇ ਬਿਨਾਂ ਲਾਇਸੈਂਸ ਅਤੇ ਬਿਨਾਂ ਨੰਬਰ ਦੇ ਈ-ਰਿਕਸ਼ਾ ਚੱਲ ਰਹੇ ਹਨ, ਜਿਸ ਕਾਰਨ ਉੱਥੇ ਹਰ ਰੋਜ਼ ਜਾਮ ਦੀ ਸਮੱਸਿਆ ਰਹਿੰਦੀ ਹੈ। ਇਨ੍ਹਾਂ ਸਾਰੀਆਂ ਸਮੱਸਿਆਵਾਂ ਨੂੰ ਸੁਣਨ ਤੋਂ ਬਾਅਦ, ਮੇਅਰ ਰਾਜਾ ਇਕਬਾਲ ਸਿੰਘ ਨੇ ਵਪਾਰੀਆਂ ਨੂੰ ਭਰੋਸਾ ਦਿੱਤਾ ਕਿ ਉਹ ਜਲਦੀ ਹੀ ਇਨ੍ਹਾਂ ਸਮੱਸਿਆਵਾਂ ਨੂੰ ਹੱਲ ਕਰਨਗੇ ਅਤੇ ਸਦਰ ਬਾਜ਼ਾਰ ਦੇ ਵਪਾਰੀਆਂ ਨਾਲ ਮਿਲ ਕੇ ਇਸਦੇ ਵਿਕਾਸ ਲਈ ਕੰਮ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼੍ਰੋਮਣੀ ਕਮੇਟੀ ਨੇ ਮਨਾਇਆ

# ਸਰਦਾਰ ਹਰੀ ਸਿੰਘ ਨਲਵਾ ਦਾ ਸ਼ਹੀਦੀ ਦਿਹਾੜਾ



ਨਵੀਂ ਦਿੱਲੀ, 30 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਿੱਖ ਕੌਮ ਦੇ ਜਰਨੈਲ ਸਰਦਾਰ ਹਰੀ ਸਿੰਘ ਨਲਵਾ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਜਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਗੁਰਚਰਨ ਸਿੰਘ ਵੱਲੋਂ ਅਰਦਾਸ ਕੀਤੀ ਗਈ। ਇਸੇ ਦੌਰਾਨ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਵਿਸ਼ਾਲ ਸਿੰਘ ਨੇ ਸੰਗਤ ਨੂੰ ਸਰਦਾਰ ਹਰੀ ਸਿੰਘ ਨਲਵਾ ਦੇ ਜੀਵਨ ਇਤਿਹਾਸ ਨਾਲ ਜੋੜਿਆ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਮਹਾਨ ਜਰਨੈਲ ਸਰਦਾਰ ਹਰੀ ਸਿੰਘ ਨਲਵਾ ਨੇ ਆਪਣੀ ਬਹਾਦਰੀ ਨਾਲ ਦੁਨੀਆਂ ਵਿਚ ਲੋਹਾ ਮਨਵਾਇਆ ਅਤੇ ਦਰਾ ਖ਼ੈਬਰ ਤੱਕ ਜਿੱਤਾਂ ਪ੍ਰਾਪਤ ਕੀਤੀਆਂ। ਉਨ੍ਹਾਂ ਕਿਹਾ ਕਿ ਸਰਦਾਰ ਹਰੀ ਸਿੰਘ ਨਲਵਾ ਦਾ ਸਿੱਖ ਰਾਜ ਦੀ ਸਥਾਪਤੀ ਲਈ ਵਿਸ਼ੇਸ਼ ਯੋਗਦਾਨ ਸੀ। ਉਨ੍ਹਾਂ ਸਿੱਖ ਜਰਨੈਲ ਦੇ ਜੀਵਨ ਤੋਂ ਸੇਧ ਲੈਣ ਦੀ ਪ੍ਰੇਰਣਾ ਕੀਤੀ। ਇਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਢਾਡੀ, ਕਵੀਸ਼ਰ ਜਥਿਆਂ ਵੱਲੋਂ ਸੰਗਤਾਂ ਨੂੰ ਗੁਰੂ ਜਸ ਸਰਵਣ ਕਰਵਾਇਆ ਗਿਆ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ ਰਿਆੜ, ਇੰਚਾਰਜ ਸ. ਪ੍ਰਜਿੰਦਰ ਸਿੰਘ, ਵਧੀਕ ਮੈਨੇਜਰ ਸ. ਨਿਸ਼ਾਨ ਸਿੰਘ ਜੱਫਰਵਾਲ, ਸ. ਜਸਪਾਲ ਸਿੰਘ ਢੱਡੇ, ਸ. ਗੁਰਤਿੰਦਰਪਾਲ ਸਿੰਘ, ਸ. ਅਜੈ ਸਿੰਘ, ਪ੍ਰਚਾਰਕ ਭਾਈ ਤਰਸੇਮ ਸਿੰਘ ਆਦਿ ਮੌਜੂਦ ਸਨ।

ਸਰੀ ਡੇਲਟਾ ਵਿਖੇ ਸ਼ਹੀਦ ਭਾਈ ਨਿਝਰ ਦੇ ਸ਼ਹੀਦੀ ਅਸਥਾਨ ਉਪਰ ਖਾਲਿਸਤਾਨੀ ਝੰਡਾ ਲਹਿਰਾ ਕੇ

# ਖਾਲਿਸਤਾਨ ਐਲਾਨ ਨਾਮੇ ਦਾ ਦਿਹਾੜਾ ਮਨਾਇਆ ਗਿਆ



**ਨਵੀਂ ਦਿੱਲੀ 30 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਕੈਨੇਡੀਅਨ ਸਿੱਖਾਂ ਨੇ ਸਰੀ ਡੇਲਟਾ ਵਿਖੇ ਸ਼ਹੀਦ ਭਾਈ ਨਿਝਰ ਦੇ ਸ਼ਹੀਦੀ ਅਸਥਾਨ ਉਪਰ ਖਾਲਿਸਤਾਨੀ ਝੰਡਾ ਲਹਿਰਾ ਕੇ ਖਾਲਿਸਤਾਨ ਐਲਾਨ ਨਾਮੇ ਦਾ ਦਿਹਾੜਾ ਮਨਾਇਆ ਸੀ। ਇਸ ਮੌਕੇ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਸਰਬੱਤ ਖ਼ਾਲਸੇ ਦੀਆਂ ਭਾਵਨਾਵਾਂ ਦੀ ਤਰਜ਼ਮਾਨੀ 29 ਅਪਰੈਲ 1986 ਨੂੰ ਪੰਥਕ ਕਮੇਟੀ ਵਲੋਂ ਖ਼ਾਲਿਸਤਾਨ ਦਾ ਐਲਾਨ ਕਰਕੇ ਕੀਤੀ ਗਈ ਤੇ ਪੰਥ ਨੇ ਐਲਾਨੀਆ ਰੂਪ ਵਿਚ ਦਿੱਲੀ ਤਖ਼ਤ ਦੇ ਖਿਲਾਫ ਆਜ਼ਾਦੀ ਦੇ ਸੰਘਰਸ਼ ਦਾ ਬਿਗਲ ਵਜਾਇਆ ਸੀ। ਖ਼ਾਲਿਸਤਾਨ ਤੋਂ ਭਾਵ ਇਕ ਅਜਿਹੇ ਖਿੱਤੇ ਤੋਂ ਹੈ ਜਿੱਥੇ ਦਸਵੇਂ ਨਾਨਕ ਵਲੋਂ ਪਰਗਟ ਕੀਤੇ ਖ਼ਾਲਸੇ ਦੀ ਤਰਜ਼ੇ-ਜਿੰਦਗੀ ਨੂੰ ਮਾਨਤਾ ਮਿਲੀ ਹੋਵੇ ਤੇ ਜਿੱਥੋਂ ਉੱਠ ਕੇ ਖ਼ਾਲਸਾ ਦੁਨੀਆਂ ਦੇ ਤਮਾਮ ਲੋਕਾਂ ਦੀ ਰੂਹਾਨੀ, ਸਮਾਜਿਕ ਤੇ ਆਰਥਿਕ ਤਰੱਕੀ ਲਈ ਸੂਰਜ ਦੀਆਂ ਕਿਰਨਾਂ ਵਾਂਗ ਪਹੁੰਚੇ। ਅਸਲ ਵਿਚ ਖਾਲਿਸਤਾਨ "ਰਾਜ ਕਰੇਗਾ ਖ਼ਾਲਸਾ" ਸੰਕਲਪ ਦੀ ਪੂਰਤੀ ਲਈ ਇਕ ਪੜਾਅ ਹੈ ਕਿਉਂਕਿ ਖਾਲਿਸਤਾਨ ਤਾਂ ਅੱਜ ਜਾਂ ਭਲਕੇ ਬਣ ਜਾਵੇਗਾ ਤੇ ਖਾਲਿਸਤਾਨ ਦੀ ਪ੍ਰਾਪਤੀ ਲਈ ਚੱਲ ਰਹੇ ਸੰਘਰਸ਼ ਨੂੰ ਜੇਤੂ ਐਲਾਨਿਆ ਜਾਵੇਗਾ ਪਰ "ਰਾਜ ਕਰੇਗਾ ਖ਼ਾਲਸਾ" ਦਾ ਨਾਅਰਾ ਪੰਥ ਲਗਾਤਾਰ ਜਾਰੀ ਰੱਖੇਗਾ। ਖ਼ਾਲਿਸਤਾਨ ਭੂਗੋਲਿਕ ਤੇ ਸਿਆਸੀ ਹੱਦਾਂ ਵਿਚ ਬੰਨਿਆ ਜਾਵੇਗਾ ਪਰ ਰਾਜ ਕਰੇਗਾ ਖ਼ਾਲਸਾ ਦਰਿਆ ਦੀ ਮੌਜ ਵਾਂਗ ਬੇ-ਪਰਵਾਹੀ ਦੇ ਆਲਮ ਵਿਚ ਵਿਚਰੇਗਾ। ਜਿਸ ਤਰ੍ਹਾਂ ਨਿਰੰਕਾਰ ਦੇ ਵਿਚ ਕਈ ਆਕਾਰ ਹਨ ਉਸੇ ਤਰ੍ਹਾਂ ਹੀ ਰਾਜ ਕਰੇਗਾ ਖ਼ਾਲਸਾ ਵਿਚ ਹੀ ਖਾਲਿਸਤਾਨ ਹੈ। ਉਨ੍ਹਾਂ ਕਿਹਾ ਕਿ ਆਓ! ਖ਼ਾਲਿਸਤਾਨ ਐਲਾਨਨਾਮੇ ਦੀ ਵਰ੍ਹੇਗੰਢ ਮੌਕੇ ਆਪਾਂ ਸਮੂਹ ਖ਼ਾਲਿਸਤਾਨੀ ਗੁਰੂ ਗ੍ਰੰਥ ਸਾਹਿਬ ਅੱਗੇ ਨਤਮਸਤਕ ਹੋ ਕੇ ਸ਼ਹੀਦਾਂ ਦੀ ਯਾਦ ਵਿਚ ਜਿੱਥੇ ਮਨ ਨੂੰ ਜੋਤ ਸਰੂਪ ਪ੍ਰਭੂ ਪਰਮਾਤਮਾ ਦੀ ਪਛਾਣ ਕਰਨ ਲਈ ਪ੍ਰੇਰਦੇ ਹੋਏ ਰਾਜ ਕਰੇਗਾ ਖ਼ਾਲਸਾ ਦੇ ਸੰਕਲਪ ਪ੍ਰਤੀ ਦ੍ਰਿੜ ਹੋਈਏ ਉੱਥੇ ਪੰਥ ਦੀ ਵਿਗੜੀ ਸਵਾਰਨ ਤੇ ਦੁਨੀਆਂ ਦੇ ਨਕਸ਼ੇ ਵਿਚ ਗੁਰੂ ਗ੍ਰੰਥ ਸਾਹਿਬ ਜੀ ਦੇ ਸਿਧਾਤਾਂ 'ਤੇ ਆਧਾਰਤ ਰਾਜ ਪ੍ਰਬੰਧ ਖ਼ਾਲਿਸਤਾਨ ਦੀ ਸਥਾਪਤੀ ਲਈ ਵੀ ਇੱਕ-ਇੱਕ ਕਦਮ ਪੁੱਟੀਏ। ਇਸ ਮੌਕੇ ਭਾਈ ਮਨਜਿੰਦਰ ਸਿੰਘ ਐਸਐਫਜੇ, ਭਾਈ ਅਜੈਪਾਲ ਸਿੰਘ, ਭਾਈ ਅਵਤਾਰ ਸਿੰਘ ਖੈਰਾ ਸਮੇਤ ਵਡੀ ਗਿਣਤੀ ਵਿਚ ਸੰਗਤਾਂ ਹਾਜਿਰ ਸਨ।

# ਚੇਅਰਮੈਨ ਘੁੱਲੀ ਨੇ ਵਾਰਡ ਨੰ, 1 ਚ ਸੀਵਰੇਜ ਚਾਲੂ ਕਰਨ ਦਾ ਉਦਘਾਟਨ ਕੀਤਾ

ਧੂਰੀ ( ਰਣਜੀਤ ਸਿੰਘ ਪੇਧਨੀ ) ਪਿਛਲੇ ਲੰਮੇ ਸਮੇਂ ਤੋਂ ਵਾਰਡ ਨੰਬਰ 1 ਦੀ ਬਸੰਤ ਕਾਲੋਨੀ ਵਿੱਚ ਸੀਵਰੇਜ ਚਾਲੂ ਕਰਨ ਦਾ ਉਦਘਾਟਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਕੈਂਪਸ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਅਤੇ ਚੇਅਰਮੈਨ ਸ੍ਰੀ ਅਸ਼ੋਕ ਕੁਮਾਰ ਲੱਖਾ ਨੇ ਕੀਤਾ। ਇਸ ਮੌਕੇ ਚੇਅਰਮੈਨ ਘੁੱਲੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਵੱਲੋਂ ਪੰਜਾਬ ਦਾ ਚਹੁੰ-ਮੁੱਖੀ ਵਿਕਾਸ ਬਿਨ੍ਹਾਂ ਕਿਸੇ ਭਿੰਨ-ਭੇਦ ਦੇ ਕਰਵਾਉਣ ਦੇ ਨਾਲ ਨਾਲ ਪੰਜਾਬ ਨੂੰ ਮੁੜ ਪਹਿਲੇ ਦਰਜੇ ਦਾ ਸੂਬਾ ਅਤੇ ਰੰਗਲਾ ਪੰਜਾਬ ਬਨਾਉਣ ਦੇ ਲਈ ਵੱਡੇ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਪਰਮਜੀਤ ਸਿੰਘ ਕਾਂਝਲਾ, ਮਿਉਂਸਪਲ ਕਮੇਟੀ ਦੇ ਪ੍ਰਧਾਨ ਸੰਦੀਪ ਤਾਇਲ ਪੱਪੂ ਜੌਲੀ, ਬਲਾਕ ਪ੍ਰਧਾਨ ਸੁਖਪਾਲ ਪਾਲਾ, ਸਰਬਜੀਤ ਸਿੰਘ ਮਾਮਾ, ਮਾਣਾ ਗਰੇਵਾਲ, ਐਮ ਸੀ ਬਲਜੀਤ ਕੌਰ, ਬਲਾਕ ਪ੍ਰਧਾਨ ਜਸਪਾਲ ਸਿੰਘ ਅਨਿਲ ਕੁਮਾਰ ਲੀਲਾ, ਜੰਗ ਧੂਰੀ ਹਾਜ਼ਰ ਸਨ।




# ਮਾਰੇ ਗਏ ਸੈਲਾਨੀਆਂ ਦੇ ਪਰਿਵਾਰਾਂ ਨਾਲ ਸੋਨੂੰ ਜੰਡਿਆਲਾ ਨੇ ਹਮਦਰਦੀ ਪ੍ਰਗਟਾਈ



ਜੰਡਿਆਲਾ ਗੁਰੂ, 30 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓਬੀਸੀ ਦੇ ਪ੍ਰਧਾਨ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਬੀਤੇ ਦਿਨੀ ਜੰਮੂ-ਕਸ਼ਮੀਰ ਦੇ ਸ਼ਹਿਰ ਪਹਿਲਗਾਮ ਵਿਚ ਦਹਿਸ਼ਤਗਰਦਾਂ ਵੱਲੋਂ ਨਿਰਦੋਸ਼ ਸੈਲਾਨੀਆਂ 'ਤੇ ਕੀਤੇ ਗਏ ਘਿਨਾਉਣੇ ਹਮਲੇ ਦੀ ਜਿੱਥੇ ਸਖ਼ਤ ਸ਼ਬਦਾਂ ਵਿਚ ਨਿਖੇਦੀ ਕੀਤੀ ਹੈ, ਉੱਥੇ ਹੀ ਉਨ੍ਹਾਂ ਨੇ ਦੋ ਮਿੰਟ ਦਾ ਮੋਨ ਧਾਰ ਕੇ ਮਾਰੇ ਗਏ ਨਿਰਦੋਸ਼ ਸੈਲਾਨੀਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇਸ ਮੌਕੇ ਸੋਨੂੰ ਜੰਡਿਆਲਾ ਨੇ ਜੰਮੂ ਕਸ਼ਮੀਰ ਦੇ ਪੁਲਵਾਮਾ ਵਿਚ ਮਾਰੇ ਗਏ ਅਤੇ ਜ਼ਖ਼ਮੀ ਹੋਏ ਸੈਲਾਨੀਆਂ ਦੇ ਪਰਿਵਾਰਾਂ ਨਾਲ ਗਹਿਰੀ ਹਮਦਰਦੀ ਪ੍ਰਗਟ ਕਰਦਿਆਂ ਭਾਰਤ ਸਰਕਾਰ ਨੂੰ ਜੰਮੂ-ਕਸ਼ਮੀਰ ਵਿਚ ਸੁਰੱਖਿਆ ਪ੍ਰਬੰਧਾਂ ਦੀ ਪਰਖ ਪੜਚੋਲ ਕਰਕੇ ਇੰਨ੍ਹਾਂ ਨੂੰ ਹੋਰ ਪ੍ਰਭਾਵੀ ਬਣਾਉਣ ਅਤੇ ਦਹਿਸ਼ਤਗਰਦਾਂ ਵਿਰੁੱਧ ਢੁਕਵੀਂ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਭਾਰਤ ਦੇ ਵੱਖ-ਵੱਖ ਸੂਬਿਆਂ ਤੋਂ ਘੁੰਮਣ ਗਏ ਸੈਲਾਨੀਆਂ ਤੋਂ ਨਾਮ ਪੁੱਛ ਕੇ ਖਾਸ ਕਰਕੇ ਹਿੰਦੂ ਧਰਮ ਦੇ ਲੋਕਾਂ 'ਤੇ ਦਹਿਸ਼ਤਗਰਦਾ ਵੱਲੋਂ ਸ਼ਰੇਆਮ ਚਿੱਟੇ ਦਿਨ ਗੋਲੀਆਂ ਚਲਾ ਕੇ ਮੌਤ ਦੇ ਘਾਟ ਉਤਰਰਨਾ ਬੜੀ ਮੰਦਭਾਗੀ ਤੇ ਘਿਨਾਉਂਣੀ ਘਟਨਾ ਹੈ। ਉਨ੍ਹਾਂ ਕਿਹਾ ਕਿ ਅੱਤਵਾਦੀਆਂ ਵੱਲੋਂ ਨਿਹੱਥੇ ਲੋਕਾਂ 'ਤੇ ਅਜਿਹੀ ਘਟੀਆਂ ਕਾਰਵਾਈ ਨੂੰ ਅੰਜਾਮ ਦੇਣਾ ਬਹੁਤ ਹੀ ਸ਼ਰਮਨਾਕ ਹੈ। ਸੋਨੂੰ ਜੰਡਿਆਲਾ ਨੇ ਅੱਗੇ ਕਿਹਾ ਕਿ ਅੱਜ ਪੂਰਾ ਦੇਸ਼ ਗੁੱਸੇ ਵਿਚ ਹੈ ਅਤੇ ਭਾਰਤ ਸਰਕਾਰ ਤੋਂ ਅੱਤਵਾਦੀਆ ਖਿਲਾਫ ਸਖਤ ਕਾਰਵਾਈ ਦੀ ਮੰਗ ਕਰ ਰਿਹਾ ਹੈ। ਉਨ੍ਹਾਂ ਨੇ ਭਾਰਤ ਸਰਕਾਰ ਤੋਂ ਮੰਗ ਕੀਤੀ ਹੈ ਕਿ ਜੰਮੂ-ਕਸ਼ਮੀਰ ਦੀ ਸਥਿਤੀ ਸਬੰਧੀ ਸਰਬ ਪਾਰਟੀ ਮੀਟਿੰਗ ਬੁਲਾ ਕੇ ਅਤੇ ਹੋਰ ਢੰਗਾਂ ਨਾਲ ਦੇਸ਼ ਦੇ ਲੋਕਾਂ ਨੂੰ ਵੀ ਵਿਸ਼ਵਾਸ ਵਿਚ ਲਿਆ ਜਾਵੇ ਅਤੇ ਦੇਸ਼ ਵਿਚ ਦਹਿਸ਼ਤਗਰਦੀ ਅਤੇ ਨਫ਼ਰਤ ਦੀ ਰਾਜਨੀਤੀ ਵਿਰੁੱਧ ਲੋਕਾਂ ਨੂੰ ਲਾਮਬੰਦ ਕਰਨ ਦੇ ਨਾਲ-ਨਾਲ ਮਾਰੇ ਗਏ ਪਰਿਵਾਰਾਂ ਨੂੰ ਇੱਕ-ਇੱਕ ਕਰੋੜ ਰੁਪਏ ਦੀ ਰਾਸ਼ੀ ਪ੍ਰਦਾਨ ਕੀਤੀ ਜਾਵੇ।

# ਗਰੀਬ ਦੇ ਘਰ ਨੂੰ ਅੱਗ ਲੱਗਣ ਨਾਲ ਲੱਖਾਂ ਰੁਪਏ ਦਾ ਘਰੇਲੂ ਸਮਾਨ ਸੜ ਕੇ ਸੁਆਹ



**ਤਲਵੰਡੀ ਸਾਬੋ, 30 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਬੀਤੀ ਦੇਰ ਸ਼ਾਮ ਨੇੜਲੇ ਪਿੰਡ ਬੰਗੀ ਨਿਹਾਲ ਸਿੰਘ ਵਿਖੇ ਇੱਕ ਗਰੀਬ ਪਰਿਵਾਰ ਦੇ ਘਰ ਨੂੰ ਬਿਜਲੀ ਤਾਰਾਂ 'ਚ ਅਚਾਨਕ ਸਪਾਰਕਿੰਗ ਹੋਣ ਨਾਲ ਅੱਗ ਲੱਗ ਗਈ, ਅੱਗ ਲੱਗਣ ਦਾ ਪਤਾ ਲੱਗਦੇ ਹੀ ਪਿੰਡ ਵਾਸੀ ਵੱਡੀ ਗਿਣਤੀ ਵਿਚ ਉਥੇ ਪਹੁੰਚ ਗਏ ਅਤੇ ਕਈ ਘੰਟਿਆਂ ਦੀ ਜੱਦੋ ਜਹਿਦ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ, ਪਰ ਘਰ ਦਾ ਸਾਰਾ ਸਮਾਨ ਕੱਪੜੇ, ਬਿਸਤਰੇ, ਮੰਜੇ ਇੱਥੋਂ ਤੱਕ ਕਿ ਧੀ ਦੇ ਵਿਆਹ ਲਈ ਖਰੀਦ ਕੇ ਰੱਖਿਆ ਗਿਆ ਸਾਰਾ ਸਮਾਨ ਵੀ ਸੜ ਕੇ ਸੁਆਹ ਹੋ ਗਿਆ। ਪਿੰਡ ਦੇ ਸਰਪੰਚ ਕੁਲਦੀਪ ਸਿੰਘ, ਸਮੂਹ ਪੰਚ, ਕਲੱਬ ਮੈਂਬਰ ਡਾ. ਜਸਵਿੰਦਰ ਸਿੰਘ ਅਤੇ ਪਿੰਡ ਵਾਸੀਆਂ ਨੇ ਪੀੜਤ ਅੰਮ੍ਰਿਤਪਾਲ ਸਿੰਘ ਨਾਲ ਹਮਦਰਦੀ ਪ੍ਰਗਟ ਕਰਦਿਆਂ ਸਰਕਾਰ ਤੋਂ ਪੀੜਤ ਨੂੰ ਨੁਕਸਾਨ ਦਾ ਬਣਦਾ ਮੁਆਵਜ਼ਾ ਦੇਣ ਦੀ ਮੰਗ ਕੀਤੀ ਹੈ। ਪੀੜਤ ਅੰਮ੍ਰਿਤਪਾਲ ਸਿੰਘ ਅਨੁਸਾਰ ਅੱਗ ਨਾਲ ਨੁਕਸਾਨੇ ਗਏ ਸਮਾਨ ਦੀ ਕੀਮਤ 4, 5 ਲੱਖ ਰੁਪਏ ਦੇ ਕਰੀਬ ਹੈ।

# ਕੈਨੇਡੀਅਨ ਜਗਮੀਤ ਸਿੰਘ ਦੀ ਪਾਰਟੀ ਐਨਡੀਪੀ ਆਖ਼ਿਰ ਕਿਉਂ ਬੁਰੀ ਤਰ੍ਹਾਂ ਹਾਰੀ.. ? ਗੁਣਜੀਤ ਬਖ਼ਸ਼ੀ

**ਨਵੀਂ ਦਿੱਲੀ, 30 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**-ਕੈਨੇਡਾ ਚੋਣਾਂ ਦੇ ਨਤੀਜੇ ਆਉਣ ਮਗਰੋਂ ਐਨਡੀਪੀ ਪਾਰਟੀ ਮੁੱਖੀ ਜਗਮੀਤ ਬਰਾੜ ਨੂੰ ਬਹੁਤ ਵੱਡਾ ਝਟਕਾ ਲੱਗਿਆ ਹੈ ਕਿਉਂਕਿ ਪਿਛਲੀ ਸਰਕਾਰ ਦੌਰਾਨ ਉਹ ਖੁੱਲ੍ਹ ਕੇ ਆਪਣੀ ਗੱਲ ਰੱਖਦੇ ਆ ਰਹੇ ਸਨ, ਪਰ ਹੁਣ ਉਨ੍ਹਾਂ ਨੂੰ ਲੱਗਣ ਲੱਗਾ ਹੈ ਕਿ ਨਵੀਂ ਸਰਕਾਰ ਵਿੱਚ ਉਨ੍ਹਾਂ ਦੀਆਂ ਗੱਲਾਂ ਸੁਣੀ ਨਹੀਂ ਜਾਣਗੀਆਂ। ਇਹ ਗੱਲ ਸਿੱਖ ਬਰਾਦਰਹੁੱਡ ਇੰਟਰਨੈਸ਼ਨਲ ਦੇ ਰਾਸ਼ਟਰੀ ਜਨਰਲ ਸਕੱਤਰ ਗੁਣਜੀਤ ਸਿੰਘ ਬਖ਼ਸ਼ੀ ਨੇ ਕਹੀ। ਉਨ੍ਹਾਂ ਦਾ ਮੰਨਣਾ ਹੈ ਕਿ ਪਿਛਲੀ ਸਰਕਾਰ ਨੂੰ ਜਗਮੀਤ ਸਿੰਘ ਦੀ ਪਾਰਟੀ ਦਾ ਸਮਰਥਨ ਮਿਲਿਆ ਹੋਇਆ ਸੀ, ਜਿਸ ਕਰਕੇ ਉਨ੍ਹਾਂ ਨੇ ਉਨ੍ਹਾਂ ਨੂੰ ਹਰ ਤਰ੍ਹਾਂ ਦੀ ਛੂਟ ਦੇ ਰੱਖੀ ਸੀ। ਜਗਮੀਤ ਸਿੰਘ ਨਾ ਸਿਰਫ਼ ਗਰਮਖ਼ਿਆਲੀਆਂ ਨੂੰ ਖੁੱਲ੍ਹਾ ਸਮਰਥਨ ਦਿੰਦੇ ਆਏ ਹਨ, ਸਗੋਂ ਖੁਦ ਵੀ ਖਾਲਿਸਤਾਨ ਬਣਵਾਉਣ ਦੇ ਇੱਛੁਕ ਰਹੇ ਹਨ। ਕੈਨੇਡਾ ਦੀ ਜਨਤਾ ਦਾ ਵਿਚਾਰ ਇਸ ਵਾਰ ਬਹੁਤ ਵੱਖਰਾ ਸੀ, ਜਿਸ ਕਰਕੇ ਉਨ੍ਹਾਂ ਨੇ ਨਾ ਸਿਰਫ਼ ਜਗਮੀਤ ਸਿੰਘ ਦੀ ਪਾਰਟੀ ਨੂੰ ਵੋਟ ਨਾ ਦਿੱਤੇ, ਸਗੋਂ ਜਗਮੀਤ ਸਿੰਘ ਨੂੰ ਖੁਦ ਵੀ ਬੁਰੀ ਤਰ੍ਹਾਂ ਹਾਰ ਦਾ ਸਾਹਮਣਾ ਕਰਨਾ ਪਿਆ। ਗੁਣਜੀਤ ਸਿੰਘ ਬਖ਼ਸ਼ੀ ਦੱਸਦੇ ਹਨ ਕਿ ਜਗਮੀਤ ਸਿੰਘ ਦੀ ਪਾਰਟੀ, ਨਿਊ ਡੈਮੋਕ੍ਰੈਟਿਕ ਪਾਰਟੀ (ਐਨਡੀਪੀ), ਦੀ ਇੰਨੀ ਕਰਾਰੀ ਹਾਰ ਹੋਈ ਕਿ ਉਸਦਾ ਰਾਸ਼ਟਰੀ ਪਾਰਟੀ ਦਾ ਦਰਜਾ ਵੀ ਖੋਹ ਲਿਆ ਗਿਆ। ਰਾਸ਼ਟਰੀ ਦਰਜੇ ਲਈ 12 ਸੀਟਾਂ ਦੀ ਲੋੜ ਸੀ, ਪਰ ਐਨਡੀਪੀ ਸਿਰਫ਼ 7 ਸੀਟਾਂ ਹੀ ਜਿੱਤ ਸਕੀ। ਚੋਣਾਂ ਵਿੱਚ ਜਗਮੀਤ ਸਿੰਘ ਦੀ ਹਾਰ ਅਤੇ ਐਨਡੀਪੀ ਮੁਖੀ ਦੇ ਅਹੁਦੇ ਤੋਂ ਅਸਤੀਫਾ ਦੇਣ ਦਾ ਉਨ੍ਹਾਂ ਦਾ ਫੈਸਲਾ ਵੀ ਭਾਰਤ-ਕੈਨੇਡਾ ਸਬੰਧਾਂ ਲਈ ਲਾਭਦਾਇਕ ਸਾਬਤ ਹੋਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

### ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਵੱਲੋਂ

# ਮਹਾਰਾਜਾ ਸ: ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਹਾੜਾ 4 ਮਈ ਨੂੰ ਮਨਾਇਆ ਜਾਵੇਗਾ



**ਫ਼ਿਰੋਜ਼ਪੁਰ, 30 ਅਪ੍ਰੈਲ (ਮਨੋਹਰ ਲਾਲ) :—** ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਰਜਿ: 140 ਪੰਜਾਬ ਇੰਡੀਆ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਲਾਲ 4 ਮਈ ਨੂੰ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ, ਧਵਨ ਕਲੋਨੀ, ਫ਼ਿਰੋਜ਼ਪੁਰ ਸ਼ਹਿਰ ਵਿਖੇ ਮਨਾਇਆ ਜਾਵੇਗਾ। ਇਹ ਜਾਣਕਾਰੀ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਰਜਿ: 140 ਪੰਜਾਬ ਇੰਡੀਆ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਮਹਾਰਾਜ ਜੀ ਦਾ ਜਨਮ ਦਿਹਾੜਾ 4 ਮਈ ਦਿਨ ਐਤਵਾਰ ਨੂੰ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਧਵਨ ਕਲੋਨੀ ਫ਼ਿਰੋਜ਼ਪੁਰ ਸ਼ਹਿਰ ਵਿਖੇ ਮਨਾਇਆ ਜਾਵੇਗਾ। ਸਮੂਹ ਅਹੁਦੇਦਾਰਾਂ ਨੇ ਅੱਗੇ ਦੱਸਿਆ ਕਿ ਸਭ ਤੋਂ ਪਹਿਲਾਂ ਸ੍ਰੀ ਸੁਖਮਣੀ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਜਾਣਗੇ, ਜਿਸ ਵਿਚ ਰਾਗੀ ਅਤੇ ਕਵੀਸ਼ਰੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਸਮੂਹ ਅਹੁਦੇਦਾਰਾਂ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਰਾਗੀ ਜਥਾ ਭਾਈ ਮਨਪ੍ਰੀਤ ਸਿੰਘ ਤੇ ਸਾਥੀ ਅਤੇ ਕਵੀਸ਼ਰੀ ਜਥਾ ਭਾਈ ਮੱਸਾ ਸਿੰਘ ਸਭਰਾਂ ਵਾਲੇ ਹਾਜ਼ਰੀ ਭਰਨਗੇ। ਇਸ ਮੌਕੇ ਤੇ ਸਮੂਹ ਅਹੁਦੇਦਾਰਾਂ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਫਰੀ ਮੈਡੀਕਲ ਕੈਂਪ ਵੀ ਲਗਾਏ ਜਾਣਗੇ, ਜਿਸ ਵਿਚ ਦੀਪ ਆਯੁਰਵੈਦ ਅਤੇ ਪੰਚਕਰਮਾ ਵੱਲੋਂ ਫਰੀ ਦੰਦਾਂ ਦਾ ਚੈਕਅਪ ਕੈਂਪ, ਬ੍ਰਾਈਟ ਸਮਾਇਲ ਡੈਂਟਲ ਕੇਅਰ ਵੱਲੋਂ ਲਗਾਏ ਜਾਣਗੇ। ਸਮੂਹ ਅਹੁਦੇਦਾਰਾਂ ਨੇ ਦੱਸਿਆ ਕਿ ਰਾਮਗੜ੍ਹੀਆ ਪਰਿਵਾਰ ਦੇ ਬੱਚੇ ਜੋ ਕਿਸੇ ਵੀ ਕਲਾਸ ਵਿਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਜਾਂ ਕੋਈ ਸਰਕਾਰੀ ਅਹੁਦਿਆਂ ਤੇ ਹਨ, ਉਨ੍ਹਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾਵੇਗਾ, ਜ਼ੋ ਕਿ ਆਪਣਾ ਨਾਮ ਇਕ ਮਈ ਤੱਕ ਲਿਖਵਾ ਦੇਣ। ਇਸ ਮੌਕੇ ਤੇ ਸਮੂਹ ਅਹੁਦੇਦਾਰਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਮਹਾਰਾਜ ਜੀ ਦੀਆਂ ਖ਼ੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

### ਜੇਨੇਸਿਸ ਅਮਨਦੀਪ ਹਸਪਤਾਲ ਨੂੰ


# ਰਾਜ ਪੱਧਰੀ ਹੈਲਥਕੇਅਰ ਅਵਾਰਡ ਨਾਲ ਕੀਤਾ ਸਨਮਾਨਿਤ—ਅਭਿਸ਼ੇਕ ਅਰੋੜਾ



ਫ਼ਿਰੋਜ਼ਪੁਰ, 30 ਅਪ੍ਰੈਲ (ਮਨੋਹਰ ਲਾਲ) :— ਚੰਡੀਗੜ੍ਹ ਸਥਿਤ ਨੋਵੋਟੈਲ ਹੋਟਲ ਵਿੱਚ ਕਰਵਾਏ ਗਏ ਇੱਕ ਸ਼ਾਨਦਾਰ ਰਾਜ ਪੱਧਰੀ ਸਮਾਗਮ ਦੌਰਾਨ ਜੇਨੇਸਿਸ ਅਮਨਦੀਪ ਹਸਪਤਾਲ ਨੂੰ ਹੈਲਥਕੇਅਰ ਅਵਾਰਡ ਨਾਲ ਨਵਾਜਿਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜੇਨੇਸਿਸ ਅਮਨਦੀਪ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਸਿਰਫ਼ ਇੱਕ ਸਾਲ ਦੇ ਅੰਦਰ—ਅੰਦਰ ਹਸਪਤਾਲ ਨੇ ਫਿਰੋਜ਼ਪੁਰ ਖੇਤਰ ਦੀਆਂ ਸਿਹਤ ਸੇਵਾਵਾਂ ਵਿੱਚ ਲਾਭਕਾਰੀ ਸੁਧਾਰ ਕਰਕੇ ਆਪਣੀ ਇੱਕ ਵੱਖਰੀ ਪਹਿਚਾਣ ਬਣਾਈ ਹੈ। ਉਨ੍ਹਾਂ ਦੱਸਿਆ ਕਿ ਇਸ ਸਮਾਗਮ ਦੀ ਅਗਵਾਈ ਪੰਜਾਬ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਨੇ ਕੀਤੀ। ਇਸ ਮੌਕੇ ਤੇ ਪੰਜਾਬ ਟੂਰਿਜ਼ਮ ਅਤੇ ਸੱਭਿਆਚਾਰਿਕ ਮਾਮਲਿਆਂ ਦੇ ਸਲਾਹਕਾਰ ਦੀਪਕ ਬਾਲੀ ਅਤੇ ਸੀਨੀਅਰ ਐਡੀਟਰ ਵਰਿੰਦਰ ਸਿੰਘ ਵਾਲੀਆ ਸਮੇਤ ਕਈ ਹੋਰ ਵਿਸ਼ੇਸ਼ ਮਹਿਮਾਨ ਵੀ ਮੌਜੂਦ ਸਨ।

ਉਨ੍ਹਾਂ ਨੇ ਕਿਹਾ ਕਿ ਸਾਡੀ ਸਮਰਪਿਤ ਟੀਮ, ਸਾਡੇ ਸ਼ੁਭਚਿੰਤਕਾਂ ਅਤੇ ਫਿਰੋਜ਼ਪੁਰ ਦੇ ਲੋਕਾਂ ਦੇ ਭਰੋਸੇ ਅਤੇ ਸਹਿਯੋਗ ਕਰਕੇ ਹੀ ਇਹ ਉਪਲਬਧੀ ਸੰਭਵ ਹੋ ਸਕੀ ਹੈ। ਡਾ: ਅਭਿਸ਼ੇਕ ਅਰੋੜਾ ਨੇ ਇਹ ਐਵਾਰਡ ਅਮਨਦੀਪ ਹਸਪਤਾਲ ਦੇ ਡਾਇਰੈਕਟਰ ਡਾ: ਅਵਤਾਰ ਸਿੰਘ, ਡਾ: ਅਮਨਦੀਪ ਕੌਰ ਅਤੇ ਜੇਨੇਸਿਸ ਅਮਨਦੀਪ ਹਸਪਤਾਲ ਦੀ ਪੂਰੀ ਟੀਮ ਨੂੰ ਸਮਰਪਿਤ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਰਹਿਨੁਮਾਈ ਅਤੇ ਸਹਿਯੋਗ ਤੋਂ ਬਿਨਾਂ ਇਹ ਕਾਮਯਾਬੀ ਸੰਭਵ ਨਹੀਂ ਸੀ। ਉਨ੍ਹਾਂ ਇਹ ਵੀ ਕਿਹਾ ਕਿ ਇਹ ਤਾਂ ਸਿਰਫ਼ ਸ਼ੁਰੂਆਤ ਹੈ ਅਤੇ ਭਵਿੱਖ ਵਿੱਚ ਹਸਪਤਾਲ ਸਿਹਤ ਸੇਵਾਵਾਂ ਵਿੱਚ ਹੋਰ ਉੱਚੇ ਮਾਪਦੰਡ ਸਥਾਪਤ ਕਰਨ ਲਈ ਵਚਨਬੱਧ ਹੈ।

# ਨਾਇਬ ਤਹਿਸੀਲਦਾਰ ਮੈਡਮ ਪ੍ਰਿਆ ਨੇ ਸਾਂਭਿਆ ਚਾਰਜ



ਫ਼ਿਰੋਜ਼ਪੁਰ, 30 ਅਪ੍ਰੈਲ (ਮਨੋਹਰ ਲਾਲ) :— ਮਹਿਕਮਾ ਮਾਲ ਵਿਚ ਆਮ ਲੋਕਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰਦੇ ਹੋਏ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਜਿਥੇ ਦੂਸਰੇ ਅਧਿਕਾਰੀਆਂ ਨੂੰ ਤਾਇਨਾਤ ਕਰਕੇ ਲੋਕਾਂ ਦੇ ਕੰਮਾਂ ਨੂੰ ਪਹਿਲ ਦਿੱਤੀ, ਉਥੇ ਹੁਣ ਤਹਿਸੀਲਦਾਰਾਂ ਦੇ ਪੱਕੇ ਆਰਡਰ ਕਰ ਦਿੱਤੇ ਹਨ, ਜਿਸ ਨਾਲ ਸਰਕਾਰੀ ਅਦਾਰਿਆਂ ਵਿਚ ਚਹਿਲ—ਪਹਿਲ ਪਹਿਲਾਂ ਨਾਲੋਂ ਜਿਆਦਾ ਹੋ ਗਈ ਹੈ। ਅੱਜ ਫ਼ਿਰੋਜ਼ਪੁਰ ਵਿਖੇ ਸਬ ਤਹਿਸੀਲਦਾਰ (ਨਾਇਬ) ਦਾ ਚਾਰਜ ਸੰਭਾਲਦਿਆਂ ਮੈਡਮ ਪ੍ਰਿਆ ਨੇ ਸਮੂਹ ਸਟਾਫ ਨਾਲ ਮੀਟਿੰਗ ਕਰਕੇ ਜਿਥੇ ਆਮ ਲੋਕਾਂ ਦੀ ਖੱਜਲ—ਖੁਆਰੀ ਨੂੰ ਜ਼ੀਰੋ ਕਰਨ ਦੇ ਨਿਰਦੇਸ਼ ਦਿੱਤੇ, ਉਥੇ ਆਮ ਲੋਕਾਂ ਨੂੰ ਖੁੱਲਾ ਸੱਦਾ ਦਿੱਤਾ ਕਿ ਉਹ ਬਿਨ੍ਹਾਂ ਕਿਸੇ ਝਿਜਕ ਦੇ ਉਨ੍ਹਾਂ ਪਾਸ ਪੁੱਜ ਕੇ ਆਪਣੇ ਕੰਮ ਕਰਵਾਉਣ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਪੜ੍ਹਾਈ ਨੂੰ ਦੇਖਦੇ ਹੋਏ ਸਮੂਹ ਪਟਵਾਰੀ ਸਾਹਿਬਾਨ ਨੂੰ ਹਦਾਇਤ ਕੀਤੀ ਹੈ ਕਿ ਉਹ ਅੱਜ ਸ਼ਾਮ ਤੱਕ ਬੱਚਿਆਂ ਦੇ ਜਾਤੀ, ਆਮਦਨੀ ਵਗੈਰਾ ਸਰਟੀਫਿਕੇਟ ਤਿਆਰ ਕੀਤੇ ਜਾਣ ਤਾਂ ਜ਼ੋ ਬੱਚਿਆਂ ਨੂੰ ਕਿਸੇ ਕਿਸਮ ਦੀ ਮੁਸ਼ਿਕਲ ਦਾ ਸਾਹਮਣਾ ਨਾ ਕਰਨਾ ਪਵੇ।

### ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ

# ਵਿਸ਼ਵ ਵੈਟਰਨਰੀ ਦਿਵਸ ਮਨਾਇਆ



**ਫ਼ਿਰੋਜ਼ਪੁਰ, 30 ਅਪ੍ਰੈਲ (ਮਨੋਹਰ ਲਾਲ) :—** ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਜੀ ਸਕੂਲ ਵਿੱਚ ਵਿਦਿਆਰਥੀਆਂ ਵੱਲੋਂ ਵੈਟਰਨਰੀ ਦਿਵਸ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਵੱਲੋਂ ਚਾਰਟ ਬਣਾਏ ਗਏ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਦੱਸਿਆ ਕਿ ਵੈਟਰਨਰੀ ਦਿਵਸ ਵਿਸ਼ਵ ਵਿਚ ਬਾਕੀ ਦਿਨਾਂ ਵਾਂਗ ਵੈਟਰਨਰੀ ਦਿਵਸ ਜਾਨੀ ਕਿ ਪਸ਼ੂ ਚਕਿਤਸਾ ਦਿਨ ਹਰ ਸਾਲ ਮਨਾਇਆ ਜਾਂਦਾ ਹੈ, ਬਹੁਤ ਸਾਰੇ ਲੋਕ ਪਸ਼ੂ ਪਾਲਣ ਦਾ ਕਿੱਤਾ ਕਰਦੇ ਹਨ ਕੁਝ ਲੋਕ ਪਾਲਤੂ ਜਾਨਵਰ ਵੀ ਰੱਖਦੇ ਹਨ ਅਤੇ ਇਨ੍ਹਾਂ ਸਭ ਦੇ ਜੀਵਨ ਦੀ ਦੇਖਭਾਲ ਲਈ ਅਤੇ ਬਿਮਾਰੀਆਂ ਤੋਂ ਬਚਾਉਣ ਲਈ ਪਸ਼ੂ ਚਕਿਤਸਾ ਬਹੁਤ ਜਰੂਰੀ ਹੈ ਇਸ ਕਿੱਤੇ ਨਾਲ ਬਹੁਤ ਸਾਰੇ ਲੋਕਾਂ ਦਾ ਰੋਜ਼ਗਾਰ ਜੋੜਿਆ ਹੈ। ਇਸ ਮੌਕੇ ਸਕੂਲ ਵਿਦਿਆਰਥੀਆਂ ਅਤੇ ਏ ਹਾਊਸ ਦੇ ਅਧਿਆਪਕਾ ਸਹਿਬਾਨ ਸ਼ਾਮਲ ਹੋਏ।

# ਪੀ ਐਸ ਪੀ ਸੀ ਐਲ ਦੀਆਂ ਵੱਖ ਵੱਖ ਡਵੀਜ਼ਨਾਂ ਤੇ ਸਬ ਡਵੀਜ਼ਨਾਂ ’ਚ 36 ਸਾਲ ਡਿਊਟੀ ਨਿਭਾਉਣ ਤੇ ਸ੍ਰ ਮੰਗਲ ਸਿੰਘ ਹੋਏ ਰਿਟਾਇਰ

## ਇੰਪਲਾਈਜ ਫੈਡਰੇਸ਼ਨ ਚਾਹਲ ਜਥੇਬੰਦੀ ਵੱਲੋਂ ਸ੍ਰ ਵਰਪਾਲ ਨੂੰ ਯਾਦਗਾਰੀ ਤੋਹਫ਼ੇ ਦੇ ਕੇ ਕੀਤਾ ਸਨਮਾਨਿਤ ਪ੍ਰਧਾਨ ਮਨੀ



ਜੰਡਿਆਲਾ ਗੁਰੂ 30 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ) ਅੱਜ ਸਰਦਾਰ ਮੰਗਲ ਸਿੰਘ ਵਰਪਾਲ ਦੀ ਰਿਟਾਇਰਮੈਂਟ ਤੇ ਵਿਦਾਇਗੀ ਪਾਰਟੀ ਕੀਤੀ ਗਈ ਇਸ ਪਾਰਟੀ ਵਿੱਚ ਇੰਪਲਾਈਜ ਫੈਡਰੇਸ਼ਨ ਚਾਹਲ ਜਥੇਬੰਦੀ ਵੱਲੋਂ ਸ੍ਰ ਮੰਗਲ ਸਿੰਘ ਵਰਪਾਲ ਨੂੰ ਵੱਖ ਵੱਖ ਤਰ੍ਹਾਂ ਦੇ ਯਾਦਗਾਰੀ ਤੋਹਫ਼ੇ ਦੇ ਕੇ ਸਨਮਾਨਿਤ ਕੀਤਾ ਗਿਆ ਤੇ ਵਿਸ਼ੇਸ਼ ਤੌਰ ਤੇ ਪ੍ਰੋਗਰਾਮ ਤੇ ਪਹੁੰਚੇ ਪ੍ਰਤਾਪ ਸਿੰਘ ਸੂਬਾ ਮੀਤ ਪ੍ਰਧਾਨ ਨੇ ਸਮੂਹ ਇੰਪਲਾਈਜ ਫੈਡਰੇਸ਼ਨ ਚਾਹਲ ਜਥੇਬੰਦੀ ਵੱਲੋਂ ਸਾਰੇ ਪਰਿਵਾਰ ਨੂੰ ਵਧਾਈ ਦਿੱਤੀ। ਇਸ ਮੌਕੇ ਤੇ ਮਨਿੰਦਰ ਸਿੰਘ ਮਨੀ ਪ੍ਰਧਾਨ ਜੰਡਿਆਲਾ ਗੁਰੂ ਨੇ ਕਿਹਾ ਕਿ ਸ੍ਰ ਮੰਗਲ ਸਿੰਘ ਜੀ ਨੇ ਆਪਣੀਆਂ ਬਿਜਲੀ ਮਹਿਕਮੇ ਵਿੱਚ 1989 ਤੋਂ ਲੈ ਕੇ 2025 ਤੱਕ ਪੀ ਐਸ ਪੀ ਸੀ ਐਲ ਦੀਆਂ ਵੱਖ ਵੱਖ ਡਵੀਜ਼ਨਾਂ ਤੇ ਸਬ ਡਵੀਜ਼ਨਾਂ ਵਿੱਚ ਪੂਰੀ ਮਿਹਨਤ ਤੇ ਇਮਾਨਦਾਰੀ ਨਾਲ ਸੇਵਾਵਾਂ ਨਿਭਾਇਆ ਹਨ। ਇਸ ਸਮੇਂ ਸ੍ਰ ਮੰਗਲ ਸਿੰਘ ਦੀ ਗਰਿਡ ਉਸਾਰੀ ਮੰਡਲ ਵਰਪਾਲ ਤੋਂ ਰਿਟਾਇਰਮੈਂਟ ਹੋਈ। ਇਸ ਮੌਕੇ ਤੇ ਸਬ ਡਵੀਜ਼ਨ ਬੰਡਾਲਾ ਤੇ ਸਟੇਸ਼ਨ ਦੇ ਮੁਲਾਜਮਾਂ ਵੱਲੋਂ ਵੀ ਸਿਰੋਪਾਉ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਐਸ ਡੀ ਓ ਸ੍ਰ ਮਹਿੰਦਰ ਸਿੰਘ,ਸੂਬਾ ਆਗੂ ਪ੍ਰਤਾਪ ਸਿੰਘ ਸੁਖੇਵਾਲ,ਜੇ ਈ ਰਣਜੀਤ ਸਿੰਘ, ਸੁਖਦੇਵ ਸਿੰਘ ਸੂਬਾ ਆਗੂ, ਮਨਿੰਦਰ ਸਿੰਘ ਮਨੀ ਪ੍ਰਧਾਨ ਮੰਡਲ ਜੰਡਿਆਲਾ ਗੁਰੂ, ਗੁਰਸੇਵਕ ਸਿੰਘ, ਹਰਮੀਤ ਸਿੰਘ, ਵਰਿੰਦਰ ਸਿੰਘ, ਗੁਰਦੇਵ ਸਿੰਘ, ਬਲਜਿੰਦਰ ਸਿੰਘ, ਨੇ ਪਰਿਵਾਰ ਨਾਲ ਇਸ ਖੁਸ਼ੀ ਦੇ ਮੌਕੇ ਤੇ ਵਧਾਇਆ ਦਿੱਤੀਆਂ ਜੀ।

# ਸ਼ਰਧਾ-ਭਾਵਨਾ ਨਾਲ ਭਗਵਾਨ ਪਰਸ਼ੂਰਾਮ ਦੀ ਮਨਾਈ ਜਯੰਤੀ







**ਫ਼ਿਰੋਜ਼ਪੁਰ, 30 ਅਪ੍ਰੈਲ (ਮਨੋਹਰ ਲਾਲ) :—** ਅੱਜ ਪੂਰੇ ਭਾਰਤ ਵਿਚ ਭਗਵਾਨ ਪਰਸ਼ੂਰਾਮ ਜੀ ਦੀ ਜੈਯੰਤੀ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਈ ਗਈ। ਇਸ ਤਹਿਤ ਫਿਰੋਜ਼ਪੁਰ ਸ਼ਹਿਰ ਦੀ ਬ੍ਰਾਹਮਣ ਸਭਾ ਦੇ ਪ੍ਰਧਾਨ ਰਾਜੇਸ਼ ਦੱਤਾ ਦੀ ਰਹਿਨੁਮਾਈ ਹੇਠ ਪੰਡਿਤ ਹਰੀ ਰਾਮ ਖਿੰਦੜੀ ਦੇ ਦਿਸ਼ਾ—ਨਿਰਦੇਸ਼ਾਂ ਤਹਿਤ ਫਿਰੋਜ਼ਪੁਰ ਸ਼ਹਿਰ ਦੇ ਮਹਾਂਵੀਰ ਮੰਦਿਰ ਚ ਭਗਵਾਨ ਪਰਸ਼ੂਰਾਮ ਜੈਯੰਤੀ ਦੇ ਸੰਬੰਧ ਵਿਚ ਵਿਸ਼ੇਸ਼ ਧਾਰਮਿਕ ਸਮਾਰੋਹ ਕਰਵਾਇਆ ਗਿਆ। ਇਸ ਸਮਾਰੋਹ ਦੀ ਸ਼ੁਰੂਆਤ ਹਵਨ ਯੱਗ ਤੋਂ ਸ਼ੁਰੂ ਕੀਤੀ ਗਈ। ਇਸ ਸਮਾਰੋਹ ਚ ਵਿਸ਼ੇਸ਼ ਤੌਰ ਤੇ ਸਵਾਮੀ ਕਮਲ ਪੂਰੀ ਜੀ (ਜੀਰੇ ਵਾਲੇ) ਹਾਜ਼ਰ ਰਹੇ, ਜਿੰਨਾਂ ਨੇ ਆਪਣੇ ਸੁੰਦਰ—ਸੁੰਦਰ ਬੋਲਾਂ ਨਾਲ ਭਗਵਾਨ ਪਰਸ਼ੂਰਾਮ ਜੀ ਦੀ ਜੀਵਨੀ ਤੇ ਚਾਨਣਾ ਪਾਇਆ, ਇਸਤਰੀ ਸਭਾ ਵਲੋਂ ਕੀਰਤਨ ਕੀਤਾ ਗਿਆ। ਇਸ ਸਮਾਰੋਹ ਦੌਰਾਨ ਭਗਤੀ ਸੰਗੀਤ ਤੋਂ ਧਰਮ ਪਾਲ ਬਾਂਸਲ ਦੀ ਪਾਰਟੀ ਵਲੋਂ ਵੰਦਨਾ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਤੇ ਡਾ: ਨਿਰਮਲ ਕੋਸ਼ਿਕ ਦੁਆਰਾ ਲਿਖੀ ਇੱਕ ਧਾਰਮਿਕ ਕਿਤਾਬ ਸਵਾਮੀ ਕਮਲ ਪੁਰੀ ਮਹਾਰਾਜ ਜੀ ਦੇ ਹੱਥਾਂ ਨਾਲ ਲੋਕ ਅਰਪਿਤ ਕੀਤੀ ਗਈ। ਇਸ ਸਮਾਰੋਹ ਵਿਚ ਮੁੱਖ ਮਹਿਮਨ ਦੇ ਤੋਰ ਤੇ ਨਗਰ ਕੌਂਸਲ ਫਿਰੋਜ਼ਪੁਰ ਦੇ ਪ੍ਰਧਾਨ ਰਿੰਕੂ ਗਰੋਵਰ ਦੀ ਪੂਰੀ ਟੀਮ ਵਲੋਂ ਹਾਜਰੀ ਭਰੀ ਗਈ। ਸਭਾ ਦੇ ਨੁਮਾਇੰਦਿਆ ਵਲੋਂ ਆਈਆਂ ਸਾਰੀਆਂ ਉਘੀਆਂ ਸ਼ਖਸ਼ੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਆਰਤੀ ਉਪਰੰਤ ਸੰਗਤਾਂ ਲਈ ਭੰਡਾਰੇ ਦਾ ਆਯੋਜਨ ਕੀਤਾ ਗਿਆ। ਆਖਿਰ ਵਿਚ ਬ੍ਰਾਹਮਣ ਸਭਾ ਫਿਰੋਜ਼ਪੁਰ (ਰਜਿ ਨੰਬਰ 244) ਵਲੋਂ ਆਏ ਹੋਏ ਪਤਵੰਤਿਆ ਨੂੰ ਜੀ ਆਇਆ ਆਖਿਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## 1 ਤੋਂ 3 ਮਈ ਤੱਕ ਸ਼ਹੀਦੀ ਦਿਵਸ 'ਤੇ ਵਿਸ਼ੇਸ਼

# ਗੁਰਦੁਆਰਾ ਸ਼ਹੀਦ ਗੰਜ ਵਿਖੇ 40 ਮੁਕਤਿਆਂ ਦਾ ਸ਼ਹੀਦੀ ਦਿਵਸ

**ਗੁਰਦੁਆਰਾ** ਸ਼ਹੀਦ ਗੰਜ ਸਾਹਿਬ, ਸ਼੍ਰੀ ਦਰਬਾਰ ਸਾਹਿਬ (ਗੁਰਦੁਆਰਾ ਟੁੱਟੀ ਗੰਢੀ ਸਾਹਿਬ) ਸ਼੍ਰੀ ਮੁਕਤਸਰ ਸਾਹਿਬ ਦੇ ਪਿੱਛੇ ਲਹਿੰਦੇ ਪਾਸੇ ਵੱਲ ਹੈ। ਜਿੱਥੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਹੱਥੀਂ ਚਿਖਾ (ਅੰਗੀਠਾ) ਤਿਆਰ ਕਰਕੇ 40 ਮੁਕਤੇ ਅਤੇ ਹੋਰ ਸ਼ਹੀਦ ਸਿੰਘਾਂ ਦਾ ਸਸਕਾਰ ਕੀਤਾ ਸੀ। 40 ਮੁਕਤਿਆਂ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 1, 2 ਅਤੇ 3 ਮਈ ਨੂੰ ਸ਼ਹੀਦੀ ਦਿਹਾੜਾ ਮਨਾਇਆ ਜਾ ਰਿਹਾ ਹੈ।

ਦਸਮ ਪਾਤਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਸੰਨ 1704 ਈ: ਵਿੱਚ ਅਨੰਦਪੁਰ ਸਾਹਿਬ ਵਿੱਚ ਕਿਲ੍ਹਾ ਅਨੰਦਗੜ੍ਹ ਵਿਖੇ ਮੁਗ਼ਲ ਫ਼ੌਜਾਂ ਨਾਲ ਯੁੱਧ ਲੜ ਰਹੇ ਸਨ। ਦੁਸ਼ਮਣ ਦੀਆਂ ਫ਼ੌਜਾਂ ਨੇ ਚਾਰੇ ਪਾਸੇ ਘੇਰਾ ਪਾ ਲਿਆ ਅਤੇ ਬਾਹਰੋਂ ਰਸਦ-ਪਾਣੀ ਅੰਦਰ ਨਾ ਜਾਣ ਦਿੱਤਾ, ਕਿਉਂਕਿ ਉਹਨਾਂ ਨੂੰ ਉਮੀਦ ਸੀ ਕਿ ਭੁੱਖ ਨਾਲ ਮਰਦੇ ਸਿੰਘ ਲੜਾਈ ਨਹੀਂ ਲੜ ਸਕਣਗੇ ਅਤੇ ਬਾਹਰ ਆ ਜਾਣਗੇ। ਜਦੋਂ ਕਾਫ਼ੀ ਲੰਮਾ ਸਮਾਂ ਕਿਲ੍ਹੇ ਨੂੰ ਘੇਰਾ ਪਿਆ ਰਿਹਾ ਤਾਂ ਭੁੱਖ ਤੋਂ ਤੰਗ ਆਏ ਸਿੰਘਾਂ ਨੇ ਗੁਰੂ ਜੀ ਨੂੰ ਬੇਨਤੀ ਕੀਤੀ ਕਿ ਉਹ ਜੰਗ ਨਹੀਂ ਲੜ ਸਕਦੇ ਅਤੇ ਉਹ ਘਰਾਂ ਨੂੰ ਜਾਣਾ ਚਾਹੁੰਦੇ ਹਨ। ਗੁਰੂ ਸਾਹਿਬ ਨੇ ਸਿੰਘਾਂ ਨੂੰ ਹੌਂਸਲਾ ਦਿੰਦੇ ਹੋਏ ਕਿਹਾ ਕਿ ਕੁਝ ਦਿਨਾਂ ਦੀ ਗੱਲ ਹੈ, ਪਰ ਸਿੰਘਾਂ ਨੇ ਉੱਤਰ ਦਿੱਤਾ, "ਅਸੀਂ ਲੜਦੇ ਹੋਏ ਸ਼ਹੀਦ ਹੋ ਸਕਦੇ ਹਾਂ ਪਰ ਭੁੱਖੇ ਮਰਨ ਲਈ ਤਿਆਰ ਨਹੀਂ।" ਸਿੰਘ ਜਦ ਆਪਣੀ ਜ਼ਿੱਦ ਤੇ ਅੜੇ ਰਹੇ ਤਾਂ ਗੁਰੂ ਜੀ ਨੇ ਕਿਹਾ ਕਿ ਜੇਕਰ ਤੁਸੀਂ ਜਾਣਾ ਹੈ ਤਾਂ ਜਾਉ ਪਰ ਇਹ ਲਿਖ ਕੇ ਦੇ ਜਾਉ "ਗੁਰੂ ਗੋਬਿੰਦ ਸਿੰਘ ਸਾਡਾ ਗੁਰੂ ਨਹੀਂ ਅਤੇ ਅਸੀਂ ਉਸ ਦੇ ਸਿੱਖ ਨਹੀਂ।" ਭਾਈ ਮਹਾਂ ਸਿੰਘ ਜੀ ਦੀ ਅਗਵਾਈ ਵਿੱਚ 40 ਸਿੰਘ ਗੁਰੂ ਜੀ ਨੂੰ 'ਅਸੀਂ ਤੁਹਾਡੇ ਸਿੱਖ ਨਹੀਂ,' ਤੁਸੀਂ ਸਾਡੇ ਗੁਰੂ ਨਹੀਂ' ਬੇਦਾਵਾ ਲਿਖ ਕੇ ਦੇਣ ਉਪਰੰਤ ਘਰਾਂ ਨੂੰ ਵਾਪਸ ਆ ਗਏ।

ਗੁਰੂ ਜੀ ਨੇ ਮੁਗ਼ਲਾਂ ਦੇ ਵਿਸ਼ਵਾਸ ਦੇਣ 'ਤੇ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡ ਦਿੱਤਾ ਕਿ ਸਾਡੀ ਫ਼ੌਜ ਵਾਪਸ ਚਲੀ ਜਾਵੇਗੀ। ਪਰ ਇਹ ਉਹਨਾਂ ਦੀ ਇੱਕ ਚਾਲ ਸੀ। ਗੁਰੂ ਜੀ ਸਰਸਾ ਨਦੀ ਪਾਰ ਕਰਕੇ ਚਮਕੌਰ ਸਾਹਿਬ ਪੁੱਜੇ। ਇਸੇ ਸਮੇਂ ਦੌਰਾਨ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫ਼ਤਹਿ ਸਿੰਘ ਜੋ ਗੰਗੂ ਰਸੋਈਏ ਨਾਲ ਸਨ, ਗੁਰੂ ਸਾਹਿਬ ਤੋਂ ਵਿੱਛੜ ਗਏ। ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਤੇ ਬਾਬਾ ਜੁਝਾਰ ਸਿੰਘ ਜੀ ਗੁਰੂ ਸਾਹਿਬ ਦੇ ਨਾਲ ਸਨ। ਮੁਗ਼ਲ ਫ਼ੌਜ ਪਿੱਛਾ ਕਰਦੀ ਆ ਰਹੀ ਸੀ। ਚਮਕੌਰ ਸਾਹਿਬ ਵਿਖੇ ਬਹੁਤ ਭਾਰੀ ਯੁੱਧ ਹੋਇਆ। ਜਿੱਥੇ ਦੋਵੇਂ ਵੱਡੇ ਸਾਹਿਬਜ਼ਾਦੇ ਜੰਗ ਵਿੱਚ ਸ਼ਹੀਦ ਹੋ ਗਏ।



ਗੁਰੂ ਜੀ ਪੰਜ ਪਿਆਰਿਆਂ ਦਾ ਹੁਕਮ ਮੰਨ ਕੇ ਚਮਕੌਰ ਦੀ ਗੜ੍ਹੀ ਵਿੱਚੋਂ ਨਿਕਲ ਕੇ ਮਾਛੀਵਾੜਾ, ਰਾਏਕੋਟ, ਦੀਨਾ ਕਾਂਗੜ, ਭਾਈ ਭਗਤਾ, ਵਾਂਦਰ, ਬਰਗਾੜੀ, ਸਰਾਵਾਂ, ਜੈਤੋ, ਮਲੂਕਾ ਆਦਿ ਪਿੰਡਾਂ ਵਿੱਚੋਂ ਦੀ ਹੁੰਦੇ ਹੋਏ ਕੋਟਕਪੂਰਾ ਪੁੱਜੇ। ਕੋਟਕਪੂਰੇ ਦੇ ਚੌਧਰੀ (ਨਵਾਬ) ਕਪੂਰ ਸਿੰਘ ਤੋਂ ਗੁਰੂ ਜੀ ਨੇ ਕਿਲ੍ਹਾ ਮੰਗਿਆ। ਚੌਧਰੀ ਨੇ ਗੁਰੂ ਜੀ ਦੀ ਬਹੁਤ ਸੇਵਾ ਤੇ ਸਤਿਕਾਰ ਕੀਤਾ ਪਰ ਕਿਲ੍ਹਾ ਦੇਣ ਤੋਂ ਸਾਫ਼ ਨਾਂਹ ਕਰ ਦਿੱਤੀ। ਗੁਰੂ ਸਾਹਿਬ ਸਿੱਖ ਯੋਧਿਆਂ ਸਮੇਤ ਖਿਦਰਾਣੇ ਦੀ ਢਾਬ ਵੱਲ ਚੱਲ ਪਏ।

ਦੂਜੇ ਪਾਸੇ ਅਨੰਦਪੁਰ ਸਾਹਿਬ ਤੋਂ ਬੇਦਾਵਾ ਦੇਣ ਵਾਲੇ 40 ਸਿੰਘ ਜਦ ਆਪਣੇ ਘਰਾਂ ਨੂੰ ਚਲੇ ਗਏ ਅਤੇ ਘਰ ਜਾ ਕੇ ਸਾਰਾ ਹਾਲ ਸੁਣਾਇਆ ਤਾਂ ਉਹਨਾਂ ਦੀਆਂ ਪਤਨੀਆਂ, ਭੈਣਾਂ, ਮਾਵਾਂ ਤੇ ਰਿਸ਼ਤੇਦਾਰਾਂ ਨੇ ਬਹੁਤ ਤਾਅਨੇ-ਮਿਹਣੇ ਮਾਰ ਕੇ ਕਿਹਾ ਕਿ ਤੁਸੀਂ ਗੁਰੂ ਜੀ ਨੂੰ ਛੱਡ ਕੇ ਚੰਗਾ ਕੰਮ ਨਹੀਂ ਕੀਤਾ। ਤੁਸੀਂ ਗੁਰੂ ਜੀ ਤੋਂ ਬੇਮੁਖ ਹੋ ਕੇ ਆਏ ਹੋ। ਤੁਸੀਂ ਘਰਾਂ ਵਿੱਚ ਘੱਗਰੇ ਤੇ ਚੂੜੀਆਂ (ਵੰਗਾਂ) ਪਾ ਕੇ ਬੈਠੋ, ਅਸੀਂ ਜੰਗ ਲੜਨ ਜਾਂਦੀਆਂ ਹਾਂ। ਮਾਈ ਭਾਗੋ ਜੋ ਸੂਰਬੀਰ ਤੇ ਦਲੇਰ ਔਰਤ ਸੀ, ਉਸ ਦੀ ਪ੍ਰੇਰਣਾ ਨਾਲ ਇਹ 40 ਸਿੰਘ ਸਮੀਰ ਸਿੰਘ, ਸਰਜਾ ਸਿੰਘ, ਸੁਹੇਲ ਸਿੰਘ, ਸੁਲਤਾਨ ਸਿੰਘ, ਸੋਭਾ ਸਿੰਘ, ਸੰਤ ਸਿੰਘ, ਹਰਸਾ ਸਿੰਘ, ਗੰਗਾ ਸਿੰਘ, ਹਰੀ ਸਿੰਘ, ਕਰਨ ਸਿੰਘ, ਕਰਮ ਸਿੰਘ, ਕਾਲਾ ਸਿੰਘ, ਕੀਰਤੀ ਸਿੰਘ, ਕਿਰਪਾਲ ਸਿੰਘ, ਖੁਸ਼ਾਲ ਸਿੰਘ, ਗੁਲਾਬ ਸਿੰਘ, ਗੰਗਾ ਸਿੰਘ, ਗੰਡਾ ਸਿੰਘ, ਘਰਬਾਰਾ ਸਿੰਘ, ਚੰਬਾ ਸਿੰਘ, ਜਾਦੋ ਸਿੰਘ, ਜੋਗਾ ਸਿੰਘ, ਜੰਗ ਸਿੰਘ, ਦਿਆਲ ਸਿੰਘ, ਦਰਬਾਰਾ ਸਿੰਘ, ਦਿਲਬਾਗ ਸਿੰਘ, ਧਰਮ ਸਿੰਘ, ਧੰਨਾ ਸਿੰਘ, ਨਿਹਾਲ ਸਿੰਘ, ਨਿਧਾਨ ਸਿੰਘ, ਬੂੜ ਸਿੰਘ, ਭਾਗ ਸਿੰਘ, ਭੋਲਾ ਸਿੰਘ, ਭੰਗਾ ਸਿੰਘ, ਮਹਾਂ ਸਿੰਘ, ਮੱਜਾ ਸਿੰਘ, ਮਾਨ ਸਿੰਘ, ਮੈਯਾ ਸਿੰਘ, ਰਾਇ ਸਿੰਘ, ਲਛਮਣ ਸਿੰਘ (ਮਹਾਨ ਕੋਸ਼, ਚੌਥੀ ਵਾਰ, ਪੰਨਾ 981) ਗੁਰੂ ਜੀ ਦੀ ਭਾਲ ਕਰਦੇ ਹੋਏ ਖਿਦਰਾਣੇ ਦੀ ਢਾਬ 'ਤੇ ਪਹੁੰਚੇ। ਉਹਨਾਂ ਆਪਣੀ ਗਿਣਤੀ ਜ਼ਿਆਦਾ ਦਿਖਾਉਣ ਲਈ ਝਾੜੀਆਂ ਅਤੇ ਬੂਟੀਆਂ ਦੇ ਉੱਪਰ ਆਪਣੇ ਚਾਦਰੇ, ਪਰਨੇ ਅਤੇ ਹੋਰ ਕੱਪੜੇ ਪਾ ਕੇ ਤੰਬੂਆਂ ਦੀ ਸ਼ਕਲ ਵਿੱਚ ਬਦਲ ਦਿੱਤਾ। 40 ਸਿੰਘ ਮੁਗ਼ਲ ਫ਼ੌਜਾਂ ਨਾਲ ਜੂਝ ਕੇ ਲੜੇ। ਯੁੱਧ ਖ਼ਤਮ ਹੋਣ ਤੋਂ ਬਾਅਦ ਗੁਰੂ ਜੀ ਜਦੋਂ ਲੜਾਈ ਦੇ ਮੈਦਾਨ ਵਿੱਚ ਪਹੁੰਚੇ, 39 ਸਿੰਘ ਸ਼ਹੀਦ ਹੋ ਚੁੱਕੇ ਸਨ। ਜਦੋਂ ਗੁਰੂ ਜੀ ਸਹਿਕ ਰਹੇ ਇੱਕ ਸਿੱਖ ਭਾਈ ਮਹਾਂ ਸਿੰਘ ਕੋਲ ਪਹੁੰਚੇ ਤਾਂ ਉਸ ਨੂੰ ਆਪਣੀ ਗੋਦੀ ਵਿੱਚ ਬਿਠਾਇਆ ਤੇ ਕੱਪੜੇ ਨਾਲ ਉਸ ਦਾ ਚਿਹਰਾ ਸਾਫ਼ ਕੀਤਾ। ਗੁਰੂ ਜੀ ਨੇ ਉਸ ਦੀ ਆਖ਼ਰੀ ਇੱਛਾ ਪੁੱਛੀ ਤੇ ਕਿਹਾ, "ਭਾਈ ਮਹਾਂ ਸਿੰਘ ! ਤੁਸੀਂ ਮਹਾਨ ਕੁਰਬਾਨੀ ਕੀਤੀ ਹੈ, ਮੰਗ ਲੈ, ਜੋ ਮੰਗੇਗਾ, ਉਹ ਜ਼ਰੂਰ ਮਿਲੇਗਾ।"

**ਤਬ ਲੌ ਇਕ ਸਿਖ ਸਹਿਕਤ ਪਾਯੋ।**
**ਕਹਯੋ ਗੁਰੂ ਮਾਂਗੋ ਮਨ ਭਾਯੋ।**
**(ਪੰਥ ਪ੍ਰਕਾਸ਼ ਗਿਆਨੀ ਗਿਆਨ ਸਿੰਘ, ਪੰਨਾ 311)**

ਸਿਸਕੀਆਂ ਭਰਦਿਆਂ ਭਾਈ ਮਹਾਂ ਸਿੰਘ ਨੇ ਹੱਥ ਜੋੜ ਕੇ ਬੇਨਤੀ ਕੀਤੀ ਜੇ ਤਰੁੱਠੇ ਹੋ ਤਾਂ ਅਨੰਦਪੁਰ ਸਾਹਿਬ ਵਿਖੇ ਜੰਗ ਸਮੇਂ ਅਸੀਂ 40 ਸਿੰਘ ਜੋ ਬੇਦਾਵਾ ਲਿਖ ਕੇ ਦੇ ਆਏ ਸੀ, ਉਹ ਪਾੜ ਦਿਉ ਅਤੇ ਸਾਡੀ ਟੁੱਟੀ ਗੰਢ ਦਿਉ। ਗੁਰੂ ਜੀ ਨੇ ਆਪਣੇ ਕਮਰਕੱਸੇ ਵਿੱਚੋਂ ਬੇਦਾਵਾ ਕੱਢ ਕੇ ਭਾਈ ਮਹਾਂ ਸਿੰਘ ਦੇ ਸਾਹਮਣੇ ਪਾੜ ਕੇ ਭਾਈ ਮਹਾਂ ਸਿੰਘ ਤੇ ਸ਼ਹੀਦ ਹੋਏ ਸਿੰਘਾਂ ਨਾਲ ਟੁੱਟੀ ਗੰਢ ਦਿੱਤੀ।

**ਸਿੱਖੀ ਹਿਤ ਜਿਨ ਰਾਜਨ ਚਾਹਯੋ।**
**ਸਿਦਕ ਔਰ ਉਪਕਾਰ ਨਿਬਾਹਯੋ।**
**ਜੇਬ ਬੀਚ ਤੈ ਤਬੈ ਨਿਕਾਰਯੋ।**
**ਕਾਗਜ ਸਨਮੁਖ ਤਾਂਕੇ ਫਾਰਯੋ।**
**ਗੁਰੂ ਤੇ ਵਲੀ ਗੁਰੂ ਕੇ ਸਿਖ ਹੈਂ।**
**ਯਹਿ ਗੁਰੂ ਕਹਯੋ ਲਏ ਹਿਮ ਪਿਖ ਹੈਂ।**
**ਤੂਟੀ ਸਿੱਖੀ ਫੇਰ ਮਿਲਾਈ।**
**ਪਰਉਪਕਾਰ ਕਰਯੋ ਬਹੁਤਾਈ।**
**(ਪੰਥ ਪ੍ਰਕਾਸ਼ ਗਿਆਨੀ ਗਿਆਨ ਸਿੰਘ, ਪੰਨਾ 311)**

ਗੁਰੂ ਜੀ ਨੇ ਫ਼ਰਮਾਇਆ ਕਿ ਇਹ ਥਾਂ ਹੁਣ ਖਿਦਰਾਣਾ ਨਹੀਂ ਸਗੋਂ ਮੁਕਤੀ ਦਾ ਅਸਥਾਨ ਹੈ।

**ਮੁਕਤਯੋਂ ਕਾ ਪਦ ਉਨਕੋ ਦੀਨਾ।**
**ਖਿਦਰਾਣੇ ਕੋ ਮੁਕਤਸਰ ਕੀਨਾ।**
**(ਪੰਥ ਪ੍ਰਕਾਸ਼ ਗਿਆਨੀ ਗਿਆਨ ਸਿੰਘ, ਪੰਨਾ 312)**

ਗੁਰੂ ਜੀ ਨੇ ਸ਼ਹੀਦ ਹੋਏ ਸਿੰਘਾਂ ਨੂੰ ਪੰਜ ਹਜ਼ਾਰੀ, ਦਸ ਹਜ਼ਾਰੀ ਅਤੇ ਹੋਰ ਵੱਡੇ-ਵੱਡੇ ਖਿਤਾਬ ਬਖ਼ਸ਼ੇ। ਇਹਨਾਂ 40 ਮੁਕਤਿਆਂ ਨੂੰ ਅਸੀਂ ਰੋਜ਼ਾਨਾ ਸਵੇਰੇ-ਸ਼ਾਮ ਅਰਦਾਸ ਕਰਨ ਸਮੇਂ ਯਾਦ ਕਰਦੇ ਹਾਂ।

ਗੁਰਦੁਆਰਾ ਸ਼ਹੀਦ ਗੰਜ ਸ਼੍ਰੀ ਮੁਕਤਸਰ ਸਾਹਿਬ ਵਿਖੇ ਹਰ ਸਮੇਂ ਅਖੰਡ-ਪਾਠਾਂ ਦੀ ਲੜੀ ਚੱਲਦੀ ਰਹਿੰਦੀ ਹੈ। ਇਸ ਅਸਥਾਨ ਤੇ ਹਰ ਸਾਲ 40 ਮੁਕਤਿਆਂ ਦਾ ਸ਼ਹੀਦੀ ਦਿਹਾੜਾ 1, 2, ਤੇ 3 ਮਈ ਨੂੰ ਬੜੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। 1 ਮਈ ਨੂੰ ਅਖੰਡ-ਪਾਠ ਆਰੰਭ ਹੋਣਗੇ।

ਇਸੇ ਦਿਹਾੜੇ ਗੁਰਦੁਆਰਾ ਟਿੱਬੀ ਸਾਹਿਬ ਤੋਂ ਨਗਰ-ਕੀਰਤਨ ਸਜਾਇਆ ਜਾਵੇਗਾ। 3 ਮਈ ਨੂੰ ਅਖੰਡ-ਪਾਠਾਂ ਦੇ ਭੋਗ ਪਾਏ ਜਾਣਗੇ। ਤਿੰਨ ਰੋਜ਼ਾ ਸਮਾਗਮ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀ ਜਥੇ, ਪ੍ਰਚਾਰਕ, ਢਾਡੀ ਗੁਰ ਇਤਿਹਾਸ, ਗੁਰਬਾਣੀ ਦੇ ਰਸ-ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ।

**-ਕਰਨੈਲ ਸਿੰਘ ਐੱਮ.ਏ. ਲੁਧਿਆਣਾ**

## ਪਹਿਲਗਾਮ ਹਮਲੇ ਵਿੱਚ ਮਾਰੇ ਗਏ ਬੇਕਸੂਰਾਂ ਲਈ

# ਵਰਲਡ ਸਿੱਖ ਪਾਰਲੀਮੈਂਟ ਨੇ ਪ੍ਰਗਟਾਇਆ ਦੁੱਖ, ਭਾਰਤ ਸਰਕਾਰ ਦੀਆਂ ਨੀਤੀਆਂ ਦੀ ਨਿੰਦਾ



**ਲੰਡਨ, 30 ਅਪ੍ਰੈਲ (ਸਰਬਜੀਤ ਸਿੰਘ ਬਨੂੜ)**-ਜੰਮੂ-ਕਸ਼ਮੀਰ ਦੇ ਪਹਿਲਗਾਮ ਵਿਖੇ ਹੋਏ ਹਮਲੇ ਵਿੱਚ ਬੇਕਸੂਰ ਲੋਕਾਂ ਦੀ ਮੌਤ 'ਤੇ ਵਰਲਡ ਸਿੱਖ ਪਾਰਲੀਮੈਂਟ ਨੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਕਿਸੇ ਵੀ ਨਿਰਦੋਸ਼ ਜਾਨ ਦਾ ਨੁਕਸਾਨ ਦੁਖਦਾਈ ਹੁੰਦਾ ਹੈ ਅਤੇ ਇਹ ਹਮਲਾ 2000 ਦੇ ਚਿੱਠੀਸਿੰਘਪੁਰਾ ਕਤਲੇਆਮ ਦੀਆਂ ਯਾਦਾਂ ਤਾਜ਼ਾ ਕਰਦਾ ਹੈ। ਵਰਲਡ ਸਿੱਖ ਪਾਰਲੀਮੈਂਟ ਦੇ ਆਗੂਆਂ ਭਾਈ ਹਿੰਮਤ ਸਿੰਘ (ਅਮਰੀਕਾ), ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਜਤਿੰਦਰ ਸਿੰਘ (ਜਰਮਨੀ), ਭਾਈ ਜੋਗਾ ਸਿੰਘ, ਭਾਈ ਮਨਪ੍ਰੀਤ ਸਿੰਘ (ਇੰਗਲੈਂਡ), ਭਾਈ ਮਨਬੀਰ ਸਿੰਘ ਸੰਧੂ, ਭਾਈ ਭਗਤ ਸਿੰਘ (ਕਨੇਡਾ), ਭਾਈ ਪ੍ਰਤਪਾਲ ਸਿੰਘ (ਸਵਿਟਜ਼ਰਲੈਂਡ) ਅਤੇ ਜਸਵਿੰਦਰ ਸਿੰਘ (ਹਾਲੈਂਡ) ਨੇ ਸਾਂਝੇ ਬਿਆਨ ਰਾਹੀਂ ਕਿਹਾ ਕਿ ਭਾਰਤ ਸਰਕਾਰ ਨੇ ਹਮਲੇ ਦੀ ਜਾਂਚ ਤੋਂ ਬਿਨਾਂ ਪਾਕਿਸਤਾਨ ਉੱਤੇ ਦੋਸ਼ ਮੰਢ ਦਿੱਤਾ, ਜੋ ਸਿਆਸੀ ਮਕਸਦਾਂ ਨਾਲ ਕੀਤਾ ਗਿਆ ਕਦਮ ਲੱਗਦਾ ਹੈ।

### ਦੱਖਣੀ ਏਸ਼ੀਆ ਵਿੱਚ ਸ਼ਾਂਤੀ ਲਈ ਖਾਲਿਸਤਾਨ ਦੀ ਸਥਾਪਨਾ ਜ਼ਰੂਰੀ ਕਰਾਰ

ਉਨ੍ਹਾਂ ਕਿਹਾ ਕਿ ਇਹ ਹਮਲਾ ਅਮਰੀਕੀ ਉਪ-ਰਾਸ਼ਟਰਪਤੀ ਜੇ.ਡੀ. ਵੈਂਸ ਦੇ ਭਾਰਤ ਦੌਰੇ ਸਮੇਂ ਹੋਇਆ, ਜੋ ਕਈ ਸਵਾਲ ਖੜ੍ਹੇ ਕਰਦਾ ਹੈ, ਉਨ੍ਹਾਂ ਕਿਹਾ ਗਿਆ ਕਿ ਹਮਲੇ ਤੋਂ ਬਾਅਦ ਕਸ਼ਮੀਰੀ ਵਿਦਿਆਰਥੀਆਂ ਨੂੰ ਤੰਗ-ਪਰੇਸ਼ਾਨ ਕੀਤਾ ਜਾ ਰਿਹਾ ਹੈ, ਜੋ ਭਾਰਤ ਵਿੱਚ ਘੱਟ ਗਿਣਤੀਆਂ ਪ੍ਰਤੀ ਵਧ ਰਹੀ ਅਸਹਿਣਸ਼ੀਲਤਾ ਦਾ ਸਿੱਧਾ ਸਬੂਤ ਹੈ।

ਆਗੂਆਂ ਨੇ ਭਾਰਤੀ ਮੀਡੀਆ ਵੱਲੋਂ ਇਸ ਹਮਲੇ ਨੂੰ "ਹਿੰਦੂ ਨਸਲਕੁਸ਼ੀ" ਵਜੋਂ ਦਿਖਾਉਣ ਦੀ ਵੀ ਨਿੰਦਾ ਕੀਤੀ ਅਤੇ ਯਾਦ ਕਰਵਾਇਆ ਕਿ 1984 ਵਿੱਚ ਸਿੱਖਾਂ ਦਾ ਸਰਕਾਰੀ ਸਰਪ੍ਰਸਤੀ ਹੇਠ ਹੋਇਆ ਕਤਲੇਆਮ ਅਜੇ ਤੱਕ ਨਾਂ ਤਾਂ ਨਸਲਕੁਸ਼ੀ ਘੋਸ਼ਤ ਕੀਤਾ ਗਿਆ ਹੈ, ਨਾਂ ਹੀ ਇਨਸਾਫ਼ ਮਿਲਿਆ ਹੈ।

ਵਰਲਡ ਸਿੱਖ ਪਾਰਲੀਮੈਂਟ ਨੇ ਕਿਹਾ ਕਿ ਦੱਖਣੀ ਏਸ਼ੀਆ ਵਿੱਚ ਸਦੀਵੀ ਸ਼ਾਂਤੀ ਲਈ ਸਿੱਖਾਂ ਦੇ ਅਜ਼ਾਦ ਰਾਜ ਖਾਲਿਸਤਾਨ ਦੀ ਸਥਾਪਨਾ ਜ਼ਰੂਰੀ ਹੈ ਅਤੇ ਜੰਗ ਦੀਆਂ ਧਮਕੀਆਂ ਦੇ ਰਾਹ ਨੂੰ ਤੁਰੰਤ ਰੋਕਣਾ ਹੋਵੇਗਾ। ਵਰਲਡ ਸਿੱਖ ਪਾਰਲੀਮੈਂਟ ਨੇ ਅੰਤਰਰਾਸ਼ਟਰੀ ਭਾਈਚਾਰੇ ਅਤੇ ਸੰਯੁਕਤ ਰਾਸ਼ਟਰ ਨੂੰ ਅਪੀਲ ਕੀਤੀ ਕਿ ਕਸ਼ਮੀਰ ਸੰਘਰਸ਼ ਦਾ ਨਿਰਪੱਖ ਹੱਲ ਕੱਢਣ ਲਈ ਭਾਰਤ 'ਤੇ ਦਬਾਅ ਬਣਾਇਆ ਜਾਵੇ।

# ਨੰਨ੍ਹੀ ਕਲੀ ਪ੍ਰੋਜੈਕਟ ਤਹਿਤ ਮੱਤੇਵਾਲ ਸਕੂਲ ਦੀਆਂ ਵਿਦਿਆਰਥਣਾਂ ਨੇ ਮਾਰੀਆਂ ਮੱਲਾਂ



**ਚੌਂਕ ਮਹਿਤਾ, ਬਾਬਾ ਸੁਖਵੰਤ ਸਿੰਘ ਚੰਨਣਕੇ,** 30 **ਅਪ੍ਰੈਲ**-ਪਿਛਲੇ ਦਿਨੀਂ ਨੰਦੀ ਫਾਉਂਡੇਸ਼ਨ ਵਲੋਂ ਨੰਨ੍ਹੀ ਕਲੀ ਪ੍ਰੋਜੈਕਟ ਤਹਿਤ ਪਿੰਡ ਫਤਿਹਗੜ੍ਹ ਸ਼ੁਕਰਚੱਕ ਵਿੱਚ ਲੜਕੀਆਂ ਦੇ ਫੁੱਟਬਾਲ ਮੈਚ ਕਰਵਾਏ ਗਏ ਜਿਸ ਵਿੱਚ ਪੰਜ ਵੱਖ ਵੱਖ ਸਕੂਲਾਂ ਦੀਆਂ ਵਿਦਿਆਰਥਣਾਂ ਨੇ ਭਾਗ ਲਿਆ। ਜਿਸ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੱਤੇਵਾਲ ਦੀਆਂ ਵਿਦਿਆਰਥਣਾਂ ਨੇ ਦੂਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਇਹ ਮੈਚ ਮੈਡਮ ਜੋਤੀ, ਮਨਦੀਪ ਕੌਰ, ਰਜਿੰਦਰ ਅਤੇ ਕਿਰਨਦੀਪ ਕੌਰ ਦੀ ਅਗਵਾਈ ਹੇਠ ਹੋਇਆ ਹੈ। ਜੇਤੂ ਟੀਮ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੱਤੇਵਾਲ ਵਿਖੇ ਪਹੁੰਚਣ ਤੇ ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ ਨੇ ਵਿਦਿਆਰਥਣਾਂ ਨੂੰ ਅਤੇ ਮੈਡਮ ਮਨਦੀਪ ਕੌਰ, ਤੇ ਡੀਪੀਈ ਗਗਨਦੀਪ ਨੂੰ ਵਧਾਈ ਦਿੱਤੀ ਅਤੇ ਅੱਗੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।



## ਜਨਮ ਦਿਨ ਮੁਬਾਰਕ



**ਫਤਿਹ ਅਲੀ**

ਪਿਤਾ ਸਲੀਮ ਮੁਹੰਮਦ
ਮਾਤਾ ਸ਼ਿਹਨਾਜ਼
ਵਾਸੀ ਪਿੰਡ ਜੋਧਾਨਗਰੀ
(ਵਿਰਦੀ)

### ਚੰਡੀਗੜ੍ਹ ਵਿੱਚ ਖੁੱਲ੍ਹਿਆ ਪਹਿਲਾ ਹੌਟ ਯੋਗਾ ਸਟੂਡੀਓ

# ਬਾਲੀਵੁੱਡ ਅਦਾਕਾਰ ਅਤੇ ਨਿਰਦੇਸ਼ਕ ਦੀਪਕ ਤਿਜੋਰੀ ਨੇ ਕੀਤਾ ਉਦਘਾਟਨ



**ਚੌਂਕ ਮਹਿਤਾ, 30 ਅਪ੍ਰੈਲ(ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੁੰਬਈ ਵਿੱਚ ਆਪਣੀ ਸ਼ਾਨਦਾਰ ਸਫਲਤਾ ਅਤੇ ਅਮਰੀਕਾ ਵਿੱਚ ਵਿਆਪਕ ਪ੍ਰਸਿੱਧੀ ਤੋਂ ਬਾਅਦ, ਚੰਡੀਗੜ੍ਹ ਦਾ ਪਹਿਲਾ ਹੌਟ ਯੋਗਾ ਸਟੂਡੀਓ ਵੀਰਵਾਰ ਨੂੰ ਸੈਕਟਰ 17 ਵਿੱਚ ਖੁੱਲ੍ਹਿਆ। ਚੰਡੀਗੜ੍ਹ ਦੇ ਵੈਲਨੇਸ ਡੇਸਟੀਨੇਸ਼ਨ ਵਿੱਚ ਇੱਕ ਨਵਾਂ ਆਯਾਮ ਜੋੜਦੇ ਹੋਏ, ਮਨਦੀਪ ਹੌਟ ਯੋਗਾ ਸਟੂਡੀਓ ਨੇ ਹਠ, ਅਸ਼ਟਾਂਗ, ਵਿਨਿਆਸ ਅਤੇ ਰਿਦਮਿਕ ਯੋਗਾ 'ਤੇ ਅਧਾਰਤ 25 ਆਸਣ ਪ੍ਰੋਗਰਾਮ ਵਿਸ਼ੇਸ਼ ਤੌਰ 'ਤੇ ਤਿਆਰ ਕੀਤੇ ਹਨ। ਇਸ ਸਟੂਡੀਓ ਦਾ ਉਦਘਾਟਨ 90 ਦੇ ਦਹਾਕੇ ਦੇ ਬਾਲੀਵੁੱਡ ਅਦਾਕਾਰ ਅਤੇ ਮੌਜੂਦਾ ਨਿਰਦੇਸ਼ਕ ਦੀਪਕ ਤਿਜੋਰੀ ਨੇ ਯੋਗਾ ਮਾਹਿਰ ਮਨਦੀਪ ਕੌਰ ਸੰਧੂ ਅਤੇ ਪ੍ਰਸਿੱਧ ਅਦਾਕਾਰਾ ਗੁਰਪ੍ਰੀਤ ਚੱਢਾ ਦੀ ਮੌਜੂਦਗੀ ਵਿੱਚ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਨਵਾਂ ਬਣਿਆ ਸਟੂਡੀਓ ਇੱਕ ਹਜ਼ਾਰ ਵਰਗ ਫੁੱਟ ਵਿੱਚ ਫੈਲਿਆ ਹੋਇਆ ਹੈ ਜਿਸ ਵਿੱਚ ਹਰੇਕ ਸੈਸ਼ਨ ਵਿੱਚ 25 ਲੋਕੀ ਆਰਾਮ ਨਾਲ ਯੋਗਾ ਕਰ ਸਕਦੇ ਹਨ। ।ਮਨਦੀਪ ਹੌਟ ਯੋਗਾ ਨੂੰ ਖਾਸ ਤੌਰ 'ਤੇ 'ਮੈਲਟਿੰਗ ਚੈਂਬਰ' ਨਾਲ ਤਿਆਰ ਕੀਤਾ ਗਿਆ ਹੈ ਜੋ 40 ਪ੍ਰਤੀਸ਼ਤ ਨਮੀ ਦੇ ਨਾਲ 41 ਡਿਗਰੀ ਤਾਪਮਾਨ ਦਾ ਅਹਿਸਾਸ ਪ੍ਰਦਾਨ ਕਰਦੇ ਹਨ। ਇਹ ਵਾਤਾਵਰਣ ਸਰੀਰ ਨੂੰ ਇੱਕ ਸ਼ਾਨਦਾਰ ਕਸਰਤ ਦੇਣ ਲਈ ਬਣਾਇਆ ਗਿਆ ਹੈ।

ਬਿਕਰਮ ਯੋਗਾ ਕਾਲਜ ਆਫ਼ ਇੰਡੀਆ ਦੇ ਅਧੀਨ ਸਿਖਲਾਈ ਪ੍ਰਾਪਤ ਇੰਸਟ੍ਰਕਟਰਾਂ ਦੁਆਰਾ ਵਿਕਸਤ ਕੀਤਾ ਗਿਆ, ਇਹ ਕ੍ਰਮ ਸਰੀਰ ਦੀਆਂ ਮਾਸਪੇਸ਼ੀਆਂ, ਲਿਗਾਮੈਂਟਸ, ਨਸਾਂ ਅਤੇ ਅੰਗਾਂ ਦੇ ਹਰ ਹਿੱਸੇ ਨੂੰ ਕਿਰਿਆਸ਼ੀਲ ਕਰਨ ਲਈ ਤਿਆਰ ਕੀਤਾ ਗਿਆ ਹੈ। ਇਹ ਸੈਸ਼ਨ ਇੱਕ ਸ਼ਾਂਤ ਅਤੇ ਚੰਗੀ ਤਰ੍ਹਾਂ ਪ੍ਰਕਾਸ਼ਮਾਨ ਵਾਤਾਵਰਣ ਵਿੱਚ ਲਚਕਤਾ, ਡੀਟੌਕਸੀਫਿਕੇਸ਼ਨ ਅਤੇ ਸੁਰੱਖਿਅਤ ਖਿੱਚ ਨੂੰ ਉਤਸ਼ਾਹਿਤ ਕਰਦੇ ਹਨ। ਹਰੇਕ 75-ਮਿੰਟ ਦੀ ਕਲਾਸ ਦੀ ਅਗਵਾਈ ਅਮਰੀਕਾ ਅਤੇ ਆਸਟ੍ਰੇਲੀਆ ਤੋਂ ਪ੍ਰਮਾਣਿਤ ਅੰਤਰਰਾਸ਼ਟਰੀ ਟ੍ਰੇਨਰਾਂ ਦੁਆਰਾ ਕੀਤੀ ਜਾਂਦੀ ਹੈ ਤਾਂ ਜੋ ਵਿਸ਼ਵ ਪੱਧਰੀ ਮਿਆਰਾਂ ਦੇ ਅਧਾਰ ਤੇ ਇੱਕ ਪ੍ਰੀਮੀਅਮ ਸਿੱਖਣ ਦਾ ਤਜਰਬਾ ਪ੍ਰਦਾਨ ਕੀਤਾ ਜਾ ਸਕੇ। ਉਦਘਾਟਨੀ ਸੈਸ਼ਨ ਵਿੱਚ ਬੋਲਦਿਆਂ, ਮਨਦੀਪ ਹੌਟ ਯੋਗਾ ਸਟੂਡੀਓ ਦੇ ਮੈਨੇਜਿੰਗ ਪਾਰਟਨਰ, ਵਿਕਰਮ ਸਿੰਘ ਰਾਣਾ ਨੇ ਕਿਹਾ, ਚੰਡੀਗੜ੍ਹ ਇੱਕ ਹੈਲਥ ਰੇਵੂਲੁਸ਼ਨ ਲਈ ਤਿਆਰ ਹੈ ਅਤੇ ਇਹ ਸਟੂਡੀਓ ਤੰਦਰੁਸਤੀ ਦੇ ਉਤਸ਼ਾਹੀਆਂ ਲਈ ਸਾਡੀ ਪੇਸ਼ਕਸ਼ ਹਨ ਜੋ ਸਿਹਤ, ਅਨੁਸ਼ਾਸਨ ਅਤੇ ਚੇਂਜ ਲਿਆਉਣ ਦੀ ਕਦਰ ਕਰਦੇ ਹਨ। ਇਹ ਸਟੂਡੀਓ ਸਿਰਫ਼ ਇੱਕ ਜਗ੍ਹਾ ਤੋਂ ਵੱਧ ਹੈ ਜੋ ਗਰਮੀ ਰਾਹੀਂ ਇਲਾਜ ਦੀ ਪੇਸ਼ਕਸ਼ ਕਰਦੀ ਹੈ, ਜਿੱਥੇ ਪਰੰਪਰਾ, ਨਵੀਨਤਾ ਨੂੰ ਮਿਲਦੀ ਹੈ ਅਤੇ ਜਿੱਥੇ ਕਸਰਤ ਪਿੱਛੇ ਛੱਡੀ ਗਈ ਪਸੀਨੇ ਦੀ ਹਰ ਬੂੰਦ ਸਰੀਰਕ ਤਾਕਤ ਅਤੇ ਮਾਨਸਿਕ ਸ਼ਾਂਤੀ ਦੀ ਭਾਵਨਾ ਦਿੰਦੀ ਹੈ। ਹੌਟ ਯੋਗਾ ਇੱਕ ਗਰਮ ਕਮਰੇ ਵਿੱਚ ਕੀਤਾ ਜਾਂਦਾ ਹੈ ਜੋ ਲਚਕਤਾ, ਸੰਚਾਰ ਅਤੇ ਮਾਨਸਿਕ ਸਿਹਤ ਨੂੰ ਬਿਹਤਰ ਬਣਾ ਕੇ ਲੰਬੇ ਸਮੇਂ ਦੇ ਦਰਦ, ਗਠੀਆ, ਹਲਕਾ ਦਮਾ, ਚਿੰਤਾ ਅਤੇ ਤਣਾਅ ਵਰਗੀਆਂ ਬਿਮਾਰੀਆਂ ਦੇ ਪ੍ਰਬੰਧਨ ਵਿੱਚ ਮਦਦ ਕਰਦਾ ਹੈ। ਇਹ ਭਾਰ ਘਟਾਉਣ, ਪਸੀਨੇ ਰਾਹੀਂ ਡੀਟੌਕਸੀਫਿਕੇਸ਼ਨ ਅਤੇ ਪਾਚਨ ਸਿਹਤ ਦਾ ਸਮਰਥਨ ਕਰਦਾ ਹੈ। ਔਰਤਾਂ ਨੂੰ ਮੀਨੋਪੌਜ਼ ਦੇ ਲੱਛਣਾਂ ਤੋਂ ਰਾਹਤ ਮਿਲ ਸਕਦੀ ਹੈ। ਅਤੇ ਇਹ ਅਭਿਆਸ ਮੂਡ ਅਤੇ ਹਾਰਮੋਨਲ ਸੰਤੁਲਨ ਨੂੰ ਨਿਯਮਤ ਕਰਨ ਵਿੱਚ ਮਦਦ ਕਰ ਸਕਦਾ ਹੈ। ਹਾਲਾਂਕਿ, ਗੰਭੀਰ ਦਿਲ ਦੀ ਬਿਮਾਰੀ, ਗੰਭੀਰ ਦਮਾ, ਗਰਭ ਅਵਸਥਾ ਜਾਂ ਗਰਮੀ ਪ੍ਰਤੀ ਸੰਵੇਦਨਸ਼ੀਲ ਲੋਕਾਂ ਲਈ ਇਸ ਤੋਂ ਬਚਣਾ ਚਾਹੀਦਾ ਹੈ ਜਾਂ ਅੰਸ਼ਕ ਤੌਰ 'ਤੇ ਸੋਧਿਆ ਜਾਣਾ ਚਾਹੀਦਾ ਹੈ। ਹੌਟ ਯੋਗਾ ਇੱਕ ਸਹਾਇਕ ਥੈਰੇਪੀ ਵਜੋਂ ਕੰਮ ਕਰਦਾ ਹੈ ਜੋ ਸਮੁੱਚੀ ਸਿਹਤ, ਸਰੀਰ ਦੀ ਗਤੀਸ਼ੀਲਤਾ ਅਤੇ ਭਾਵਨਾਤਮਕ ਸੰਤੁਲਨ ਨੂੰ ਉਤਸ਼ਾਹਿਤ ਕਰਦਾ ਹੈ।

### ਜੰਮੂ ਕਸ਼ਮੀਰ ਵਿੱਚ ਅੱਤਵਾਦੀਆਂ ਵੱਲੋਂ ਸੈਲਾਨੀਆਂ ਉਪਰ ਤਾਬੜਤੋੜ ਚਲਾਈਆਂ ਗਈਆਂ ਗੋਲੀਆਂ 'ਚ ਮਰਨ ਵਾਲੇ ਸੈਲਾਨੀਆਂ ਦੀ ਯਾਦ ਵਿੱਚ ਕੈਂਡਲ ਮਾਰਚ ਕੱਢਿਆ ਗਿਆ

# ਇਸ ਹਮਲੇ ਦੀ ਘੋਰ ਸ਼ਬਦਾਂ ਵਿਚ ਨਿੰਦਾ ਕੀਤੀ ਜਾਂਦੀ : ਚੇਅਰਮੈਨ ਸੁਨੀਲ ਦੇਵਗਨ

**ਜੰਡਿਆਲਾ ਗੁਰੂ, 30 ਅਪ੍ਰੈਲ (ਕੁਲਵੰਤ ਸਿੰਘ ਵਿਰਦੀ)**:-ਅੱਜ ਅੰਮ੍ਰਿਤਸਰ ਪ੍ਰੈਸ ਕਲੱਬ ਵਲੋਂ ਪਹਿਲਗਾਮ ਵਿਖੇ ਮਾਰੇ ਗਏ ਬੇਦੋਸ਼ੇ ਸੈਲਾਨੀਆਂ ਦੀ ਯਾਦ ਵਿੱਚ ਕੈਂਡਲ ਮਾਰਚ ਕੱਢਿਆ ਗਿਆ ਅਤੇ ਸ਼ਰਧਾਂਜਲੀ ਦਿੱਤੀ

ਆਵਾਜ਼ਿ ਕੌਮ AWAZE QAUM International Newspaper & WEB TV



ਗਈ ਕੈਂਡਲ ਮਾਰਚ ਨਾਵਲਟੀ ਚੌਕ ਤੋਂ ਸ਼ੁਰੂ ਹੋਕੇ, ਉਥੋਂ ਕੰਪਨੀ ਬਾਗ ਦੇ ਰਸਤੇ ਹੁੰਦੇ ਹੋਏ ਗਾਂਧੀ ਦੇ ਬੁੱਤ ਤੱਕ ਮਾਰਚ ਕੀਤਾ, ਇਸ ਮੌਕੇ ਰਾਜੇਸ਼ ਗਿੱਲ ਪ੍ਰਧਾਨ ਪ੍ਰੈਸ ਕਲੱਬ ਨੇ ਕਿਹਾ ਕਿ ਪਹਿਲਗਾਮ ਵਿੱਚ ਨਿਹੱਥੇ ਸੈਲਾਨੀਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਅੱਤਵਾਦੀ ਹਮਲੇ ਦੀ ਸਖ਼ਤ ਸ਼ਬਦਾਂ ਚ' ਨਿਖੇਧੀ ਕਰਦੇ ਹੋਏ ਕਿਹਾ ਕਿ ਕਸ਼ਮੀਰ ਵਿੱਚ ਇੱਕ ਵਾਰ ਫਿਰ ਅੱਤਵਾਦ ਦਾ ਘਿਨੌਣਾ ਚਿਹਰਾ ਦਿਖਾਈ ਦਿੱਤਾ ਹੈ ਇਸ ਮੌਕੇ ਜੰਡਿਆਲਾ ਪ੍ਰੈਸ ਕਲੱਬ ਦੇ ਚੈਅਰਮੈਨ ਸੁਨੀਲ ਦੇਵਗਨ ਜੀ ਸ਼ਮੂਲੀਅਤ ਕਰਦੇ ਹੋਏ ਕਿਹਾ ਕਿ ਬੀਤੇ ਦਿਨ ਜੋ ਜੰਮੂ ਕਸ਼ਮੀਰ ਵਿਚ ਸੈਲਾਨੀਆਂ ਉਪਰ ਅੱਤਵਾਦੀਆਂ ਵੱਲੋਂ ਤਾਬੜਤੋੜ ਗੋਲੀਆਂ ਚਲਾਈਆਂ ਗਈਆਂ ਅਤੇ ਇਸ ਦੁਖਾਂਤ ਵਿੱਚ ਦਰਜਨਾਂ ਨਿਰਦੋਸ਼ ਲੋਕਾਂ ਦੀ ਮੌਤ ਹੋ ਗਈ ਦੇਸ ਅੰਦਰ ਅਜਿਹੀਆਂ ਦੁਖਦਾਈ ਤੇ ਬੇਕਸੂਰਾਂ ਦਾ ਕਤਲੇਆਮ ਹੋਣਾ ਬਹੁਤ ਹੀ ਘਿਨਾਉਣਾ ਤੇ ਨਿੰਦਣਯੋਗ ਹੈ । ਇਸ ਦੁਖਾਂਤ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਹੈ ਅਤੇ ਇਸ ਹਮਲੇ ਵਿਚ ਮਰਨ ਵਾਲੇ ਪ੍ਰੀਵਾਰਾਂ ਨਾਲ ਦੁੱਖ ਸਾਂਝਾ ਕਰਦੇ ਹਾਂ।

## ਬ੍ਰਿਧ ਆਸ਼ਰਮ ਦੇ ਬਜ਼ੁਰਗਾਂ ਨੂੰ ਦਿੱਤੀ ਮੁਫਤ ਕਾਨੂੰਨੀ ਸਹਾਇਤਾ ਦੀ ਜਾਣਕਾਰੀ

# 10 ਮਈ ਨੂੰ ਕੋਰਟ ਕੰਪਲੈਕਸ ਵਿੱਚ ਲਗਾਈ ਜਾਵੇਗੀ ਨੈਸ਼ਨਲ ਲੋਕ ਅਦਾਲਤ

**ਪਠਾਨਕੋਟ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਜ਼ਿਲਾ ਕਾਨੂੰਨੀ ਸੇਵਾ ਅਥਾਰਟੀ ਪਠਾਨਕੋਟ ਦੇ ਚੇਅਰਮੈਨ -ਕਮ -ਜ਼ਿਲਾ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਦੇ ਆਦੇਸ਼ਾਂ ਅਨੁਸਾਰ ਸੀ. ਜੇ. ਐਮ-ਕਮ-ਸਕੱਤਰ ਰੁਪਿੰਦਰ ਸਿੰਘ ਦੀ ਅਗਵਾਈ ਹੇਠ ਆਦਰਸ਼ ਬ੍ਰਿਧ ਆਸ਼ਰਮ ਪਠਾਨਕੋਟ ਵਿਖੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਐਡਵੋਕੇਟ ਰੋਮੀਕਾ ਅਤੇ ਪੀਐਲਵੀ ਵਿਨੋਦ ਕੁਮਾਰ ਵੱਲੋਂ ਬਜ਼ੁਰਗਾਂ ਨੂੰ ਉਨਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਤੇ ਜਾਣਕਾਰੀ ਦਿੰਦੇ ਹੋਏ ਬੁਲਾਰਿਆਂ ਨੇ ਦੱਸਿਆ ਕਿ ਜਿਲਾ ਕਾਨੂੰਨੀ ਸੇਵਾ ਅਥਾਰਟੀ ਵੱਲੋਂ ਹਰ ਬਜ਼ੁਰਗ ਨੂੰ ਮੁਫਤ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਹੈ, ਜਿਸ ਵਿੱਚ ਵਕੀਲ ਅਤੇ ਕਾਗਜ਼ਾਂ ਪੱਤਰਾਂ ਦਾ ਖਰਚ ਵੀ ਅਥਾਰਟੀ ਵੱਲੋਂ ਕੀਤਾ ਜਾਂਦਾ ਹੈ। ਉਹਨਾਂ ਦੱਸਿਆ ਕਿ ਜੇਕਰ ਕਿਸੇ ਬਜ਼ੁਰਗ ਕੋਲੋਂ ਉਸ ਦੇ ਬੱਚੇ ਆਪਣੀ ਜਾਇਦਾਦ ਲਿਖਵਾ ਲੈਂਦੇ ਹਨ, ਤਾਂ ਬਜ਼ੁਰਗ ਉਸ ਜਾਇਦਾਦ ਨੂੰ ਵਾਪਸ ਲੈ ਸਕਦੇ ਹਨ, ਇਸ ਲਈ ਉਹਨਾਂ ਨੂੰ ਐਸਡੀਐਮ ਕੋਰਟ ਵਿੱਚ ਇੱਕ ਕੇਸ ਦਾਇਰ ਕਰਨਾ ਪਵੇਗਾ। ਜਿਸ ਦੇ ਬਾਅਦ ਉਹਨਾਂ ਨੂੰ ਉਹਨਾਂ ਦੀ ਆਪਣੀ ਜਾਇਦਾਦ ਵਾਪਸ ਮਿਲ ਜਾਏਗੀ।

ਉਹਨਾਂ ਦੱਸਿਆ ਕਿ ਬਜ਼ੁਰਗਾਂ ਨੂੰ ਆਪਣੇ ਬੱਚਿਆਂ ਕੋਲੋਂ ਖਰਚਾ ਲੈਣ ਦਾ ਪੂਰਾ ਅਧਿਕਾਰ ਹੈ। ਉਹਨਾਂ ਦੱਸਿਆ ਕਿ ਜੇਕਰ ਬੇਟਾ ਹੋਵੇ ਜਾਂ ਬੇਟੀ ਦੋਵਾਂ ਕੋਲੋਂ ਮਾਂ ਬਾਪ ਖਰਚਾ ਲੈ ਸਕਦੇ ਹਨ। ਉਨਾਂ ਦੱਸਿਆ ਕਿ ਕੋਰਟ ਕੰਪਲੈਕਸ ਪਠਾਨਕੋਟ ਵਿੱਚ 10 ਮਈ ਨੂੰ ਨੈਸ਼ਨਲ ਲੋਕ ਅਦਾਲਤ ਲਗਾਈ ਜਾ ਰਹੀ ਹੈ, ਜਿਸ ਵਿੱਚ ਅਸੀਂ ਆਪਣਾ ਕੇਸ ਲਗਾ ਕੇ ਸਸਤਾ ਤੇ ਸੌਖਾ ਨਿਆ ਪ੍ਰਾਪਤ ਕਰ ਸਕਦੇ ਹਾਂ। ਉਹਨਾਂ ਦੱਸਿਆ ਕਿ ਲੋਕ ਅਦਾਲਤ ਦੇ ਫੈਸਲੇ ਦੇ ਖਿਲਾਫ ਫਿਰ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ, ਅਤੇ ਇਸ ਅਦਾਲਤ ਵਿੱਚ ਦੋਨੋਂ ਹੀ ਪਾਰਟੀਆਂ ਕੇਸ ਜਿੱਤ ਕੇ ਜਾਂਦੀਆਂ ਹਨ ਕਿਸੇ ਦੀ ਹਾਰ ਨਹੀਂ ਹੁੰਦੀ । ਇਸ ਮੌਕੇ ਆਸ਼ਰਮ ਦੀ ਸੁਪਰੀਡੈਂਟ ਅੰਜਲੀ ਸ਼ਰਮਾ ਵੱਲੋਂ ਅਥਾਰਟੀ ਦੇ ਮੈਂਬਰਾਂ ਦਾ ਬ੍ਰਿਧ ਆਸ਼ਰਮ ਵਿੱਚ ਆਉਣ ਤੇ ਅਤੇ ਬਜ਼ੁਰਗਾਂ ਨੂੰ ਉਹਨਾਂ ਦੇ ਅਧਿਕਾਰਾਂ ਬਾਰੇ ਜਾਗਰੂਕ ਕਰਨ ਦੇ ਧੰਨਵਾਦ ਕੀਤਾ।

# ਸਿੱਖਾਂ ਨੂੰ ਅੱਤਵਾਦੀ ਕਹਿਣ ਵਾਲੇ ਜਵਾਬ ਦੇਣ



**ਜੂਨ 1984 'ਚ** ਦਰਬਾਰ ਸਾਹਿਬ 'ਤੇ ਹਮਲੇ ਤੋਂ ਬਾਅਦ ਜਦੋਂ ਚੰਡੀਗੜ੍ਹ ਵਿੱਚ ਪ੍ਰੈਸ ਕਾਨਫਰੰਸ ਹੋਈ ਤਾਂ ਪੱਤਰਕਾਰਾਂ ਦੇ ਜਵਾਬ ਦਿੰਦੇ ਹੋਏ ਫ਼ੌਜ ਦੇ ਇੱਕ ਜਨਰਲ ਨੇ ਕਿਹਾ ਸੀ ਕਿ ਜਿਹੜੇ ਲੜਾਕੇ, ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਦੇ ਨਾਲ ਸਨ, ਜੇਕਰ ਉਹ ਲੜਾਕੇ ਭਾਰਤੀ ਫੌਜ ਵਿੱਚ ਹੋਣ ਤਾਂ ਭਾਰਤ ਫ਼ੌਜ ਚੀਨ ਅਤੇ ਪਾਕਿਸਤਾਨ ਦੋਵਾਂ ਨੂੰ ਧੂੜ ਚਟਾ ਸਕਦੀ ਹੈ। ਦੂਜੇ ਪਾਸੇ ਪਾਕਿਸਤਾਨ ਦੇ ਇੱਕ ਫੌਜੀ ਜਰਨੈਲ ਨੇ ਕਿਹਾ ਸੀ ਜੇਕਰ ਭਾਰਤ-ਪਾਕਿਸਤਾਨ ਜੰਗ ਵਿੱਚ ਭਾਰਤ ਵੱਲੋਂ ਸਿੱਖ ਨਾ ਲੜਨ ਤਾਂ ਅਸੀਂ ਇੱਕ ਦਿਨ ਵਿੱਚ ਦਿੱਲੀ ਫਤਹਿ ਕਰ ਸਕਦੇ ਹਾਂ। ਸਿੱਖਾਂ ਨੇ ਦੇਸ਼ ਦੀ ਰਾਖੀ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ, ਸਿੱਖਾਂ ਨੇ ਹਮੇਸ਼ਾਂ ਇਨਸਾਨੀਅਤ ਨੂੰ ਜਿੰਦਾਂ ਰੱਖਣ ਵਾਲੀਆਂ ਮਿਸਾਲਾਂ ਪੇਸ਼ ਕੀਤੀਆਂ ਹਨ। ਜੇਕਰ ਸਿੱਖਾਂ ਨੇ ਅੰਗਰੇਜ਼ਾਂ ਵੱਲੋਂ ਸਾਰਾਗੜ੍ਹੀ ਦੀ ਜੰਗ ਲੜੀ ਤਾਂ ਦੁਨੀਆਂ ਵਿੱਚ ਮਿਸਾਲ ਬਣੀ, ਸਿੱਖ ਜੇਕਰ ਮੁਗਲਾਂ ਨਾਲ ਲੜੇ ਤਾਂ ਸ਼ਾਨਾਮੱਤਾ ਇਤਿਹਾਸ ਬਣਾਇਆ, ਗੁਰੂ ਸਹਿਬਾਨ ਤੋਂ ਲੈ ਕੇ ਹਰੀ ਸਿੰਘ ਨਲੂਏ ਤੱਕ, ਕਰਤਾਰ ਸਿੰਘ ਸਰਾਭਾ ਤੋਂ ਲੈ ਕੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਜੋ ਮਾਰਕੇ ਮਾਰੇ ਪੂਰੀ ਦੁਨੀਆਂ ਜਾਣਦੀ ਹੈ। ਸਿੱਖਾਂ ਵੱਲੋਂ ਸੰਤ ਭਿੰਡਰਾਂਵਾਲਿਆਂ ਤੋਂ ਪਹਿਲਾਂ ਦੀਆਂ ਲੜਾਈਆਂ ਲੋਕਾਂ ਲਈ ਹੀ ਲੜੀਆਂ ਗਈਆਂ, ਜਦ ਸੰਤ ਭਿੰਡਰਾਂਵਾਲਿਆਂ ਨੇ ਸਿੱਖਾਂ ਨੂੰ ਆਪਣੇ ਹੱਕਾਂ ਲਈ ਲੜਨ ਲਈ ਪ੍ਰੇਰਿਤ ਕੀਤਾ ਤਾਂ ਫਿਰ ਸਰਕਾਰ ਨੇ ਉਹਨਾਂ ਹੀ ਬਹਾਦਰ ਸਿੱਖਾਂ ਨੂੰ ਅੱਤਵਾਦੀ ਕਹਿਣਾ ਸ਼ੁਰੂ ਕਰ ਦਿੱਤਾ। ਭਾਰਤ ਦੀ ਆਜ਼ਾਦੀ ਵਿੱਚ ਸਿੱਖਾਂ ਨੇ 90 ਪ੍ਰਤੀਸ਼ਤ ਤੋਂ ਵੱਧ ਕੁਰਬਾਨੀਆਂ ਦਿੱਤੀਆਂ, ਜਦ ਦੇਸ਼ ਅਜ਼ਾਦ ਹੋਇਆ ਤਾਂ ਸਿੱਖਾ ਨੂੰ ਪਹਿਲਾਂ ਇਨਾਮ ਜ਼ਰਾਇਮ ਪੇਸ਼ਾ ਕੌਮ ਕਹਿ ਕੇ ਸਨਮਾਨਿਤ ਗਿਆ, ਫੇਰ 1955 ਵਿੱਚ ਭਾਰਤ ਦੀਆਂ ਫੋਰਸਾਂ ਵਲੋਂ ਦਰਬਾਰ ਸਾਹਿਬ 'ਤੇ ਹਮਲਾ ਕਰਕੇ ਅਨੇਕਾਂ ਸਿੰਘਾਂ ਸਿੰਘਣੀਆਂ ਅਤੇ ਭੁਝੰਗੀਆਂ ਨੂੰ ਮੌਤ ਘਾਟ ਉਤਾਰਿਆ ਅਤੇ ਜ਼ਖ਼ਮੀ ਕੀਤਾ ਗਿਆ, ਫੇਰ 1984 ਵਿੱਚ ਸੰਤ ਜਰਨੈਲ ਸਿੰਘ ਜੀ ਭਿੰਡਰਾਂਵਾਲਿਆਂ ਨੂੰ ਬਹਾਨਾ ਬਣਾ ਕੇ 36 ਗੁਰਦਵਾਰਿਆਂ ਤੇ ਫੌਜੀ ਹਮਲਾ ਕੀਤਾ ਗਿਆ। ਕੁੱਝ ਦਿਨਾਂ ਦੇ ਬੱਚਿਆਂ ਤੋਂ ਲੈ ਕੇ 80-90 ਸਾਲ ਦੇ ਬਜ਼ੁਰਗਾਂ ਨੂੰ ਮੌਤ ਦੇ ਘਾਟ ਉਤਾਰਿਆ ਗਿਆ। 1 ਨਵੰਬਰ 1984 ਨੂੰ ਪੂਰੇ ਭਾਰਤ ਵਿਚ ਸਿੱਖਾ ਨੂੰ ਜਿਉਂਦਿਆਂ ਸਾੜਿਆ ਗਿਆ। ਸਿੱਖ ਔਰਤ ਅਤੇ ਛੋਟੀਆਂ ਬੱਚੀਆਂ ਦੇ ਬਲਾਤਕਾਰ ਕੀਤੇ ਗਏ। ਫੇਰ ਅਪਰੇਸ਼ਨ ਵੁੱਡਰੋਜ ਦੇ ਨਾਂਅ ਹੇਠ 14 ਸਾਲ ਤੋਂ ਲੈਕੇ 35-40 ਸਾਲ ਦੇ ਮਰਦਾਂ ਨੂੰ ਖਾੜਕੂ ਕਹਿ ਕੇ ਜਾਨੋਂ ਮਾਰਿਆ ਗਿਆ, ਸਿੱਖ ਬੀਬੀਆਂ ਨੂੰ ਠਾਣਿਆਂ ਵਿਚ ਰੱਖ ਕੇ ਪਹਿਲਾਂ ਤੋਂ ਫੜੇ ਉਹਨਾਂ ਦੇ ਪਿਉ ਜਾਂ ਉਹਨਾਂ ਭਰਾਵਾਂ ਸਾਹਮਣੇ ਨੰਗਿਆਂ ਕੀਤਾ ਗਿਆ। ਭਾਰਤ ਸਰਕਾਰ ਨੇ ਸਿੱਖਾਂ ਉੱਤੇ ਉਹ ਜ਼ੁਲਮ ਕੀਤੇ ਕਿ ਵੇਖ ਕੇ ਮੁਗਲਾਂ ਦੇ ਜੁਲਮ ਵੀ ਇਸ ਅੱਗੇ ਛੋਟੇ ਲੱਗਣ ਲੱਗ ਪਏ। ਭਾਰਤ ਸਰਕਾਰ ਨੇ ਜ਼ੁਲਮ ਵਾਲੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ। ਸੋਸ਼ਲ ਮੀਡੀਆ ਦਾ ਯੁੱਗ ਆਇਆ ਤਾਂ ਇਹ ਸਾਰਾ ਸੰਤਾਪ ਹੰਢਾ ਚੁੱਕੇ ਲੋਕਾਂ ਨੇ ਸਭ ਕੁਝ ਬਿਆਨ ਕੀਤਾ ਤਾਂ ਨਵੀਂ ਪੀੜ੍ਹੀ ਨੂੰ ਪਤਾ ਲੱਗਾ। ਅੱਜ ਨਵੀਂ ਪੀੜ੍ਹੀ ਇਸ ਦੇਸ਼ ਨਾਲ ਇਸ ਸਿਸਟਮ ਨਾਲ ਇਹਨਾਂ ਸਰਕਾਰਾ ਨਾਲ ਇਹਨਾਂ ਲੋਕਾਂ ਨਾਲ ਨਫ਼ਰਤ ਕਰਦੀ ਹੈ ਜਿਨ੍ਹਾਂ ਸਾਡੇ ਅਕਾਲ ਤਖ਼ਤ ਸਾਹਿਬ ਢਹਿ ਢੇਰੀ ਹੋਣ 'ਤੇ ਲੱਡੂ ਵੰਡੇ ਸਨ । ਨੌਜਵਾਨ ਪੀੜ੍ਹੀ ਨੂੰ ਖਾਲਿਸਤਾਨੀ ਚਿੰਤਕ ਭਾਈ ਸਰਬਜੀਤ ਸਿੰਘ ਘੁਮਾਣ, ਸਿੱਖ ਯੂਥ ਫੈਡਰੇਸ਼ਨ ਭਿੰਡਰਾਂ ਵਾਲਾ ਦੇ ਪ੍ਰਧਾਨ ਅਤੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਭਾਈ ਬਲਜੀਤ ਸਿੰਘ ਖਾਲਸਾ ਵਰਗੇ ਲੇਖਕਾਂ ਦੀਆਂ ਲਿਖੀਆਂ ਕਿਤਾਬਾਂ ਤੋਂ ਪਤਾ ਲੱਗਾ ਕੀ ਸਾਡੇ ਵਰਤਮਾਨ ਸ਼ਹੀਦਾਂ 'ਤੇ ਕੀ-ਕੀ ਜ਼ੁਲਮ ਕੀਤੇ ਗਏ। ਭਾਈ ਜਸਵੰਤ ਸਿੰਘ ਖਾਲੜਾ ਦੀ ਖੋਜ ਤੋਂ ਪਤਾ ਲੱਗਾ ਕਿ ਕਿੰਨੇ ਨੌਜਵਾਨ ਬਿਨਾਂ ਕਿਸੇ ਕਸੂਰ ਤੋਂ ਘਰਾਂ ਵਿੱਚੋ ਚੁੱਕੇ ਕਿ ਮਾਰ ਦਿੱਤੇ। ਅੱਜ ਨੌਜਵਾਨ ਪੀੜ੍ਹੀ ਸਰਕਾਰਾਂ ਨੂੰ ਪੁੱਛਦੀ ਹੈ ਕਿ ਰਾਜੀਵ ਗਾਂਧੀ ਦੇ ਹਤਿਆਰੇ ਸਜ਼ਾਵਾਂ ਪੂਰੀਆਂ ਹੋਣ ਤੋਂ ਪਹਿਲਾਂ ਹੀ ਜੇਲ੍ਹਾਂ ਤੋਂ ਬਾਹਰ ਹਨ ਤੇ ਸਾਡੇ ਸਿੱਖ ਸਜ਼ਾਵਾਂ ਪੂਰੀਆਂ ਕਰਨ ਦੇ ਬਾਅਦ ਵੀ ਜ਼ੇਲਾਂ ਵਿਚ ਡੱਕੇ ਹੋਏ ਹਨ। ਅੱਜ ਜਿਹੜੇ ਭਗਵੇਂ ਅੱਤਵਾਦੀਆਂ ਪਹਿਲਗਾਮ ਵਿੱਚ 28 ਹਿੰਦੂਆਂ ਦੇ ਮਰਨ ਤੇ ਪੂਰੀ ਮੁਸਲਮਾਨਾਂ ਕੌਮ ਨੂੰ ਅੱਤਵਾਦੀ ਆਖ ਰਹੇ ਹਨ ਅਤੇ 28 ਲੋਕਾਂ ਦੇ ਮਰਨ ਤੋਂ ਬਾਅਦ ਭਾਰਤ ਵਿੱਚ ਥਾਂ ਥਾਂ ਮੁਸਲਮਾਨਾਂ ਤੇ ਹਮਲੇ ਕਰ ਰਹੇ ਹਨ ਉਹ ਭਗਵੇਂ ਅੱਤਵਾਦੀਆਂ ਨੂੰ ਮੈਂ ਪੁੱਛਣਾ ਚਾਹੁੰਦਾ ਹਾਂ ਕੀ ਸਾਡੇ ਤਾਂ ਲੱਖਾਂ ਸਿੱਖ ਤੁਸੀਂ ਮਾਰ ਦਿੱਤੇ ਹਨ, ਅਸੀਂ ਕੀ ਕਰੀਏ। ਸਾਨੂੰ ਪਹਿਲਗਾਮ ਵਿੱਚ ਮਾਰੇ ਗਏ 28 ਲੋਕਾਂ ਬਹੁਤ ਦੁੱਖ ਹੈ ਪਰ ਅਸੀਂ ਇਸ ਲੜਾਈ ਵਿੱਚ ਕਦੀ ਵੀ ਤੁਹਾਡੇ ਨਾਲ ਨਹੀਂ ਖਲੋ ਸਕਦੇ । ਜਿਹੜੇ ਲੋਕ ਸਾਨੂੰ ਗ.ਦਾਰ ਦੱਸਦੇ ਹਨ, ਦੇਸ਼ ਵਿਰੋਧੀ ਦੱਸਦੇ ਹਨ ਪਹਿਲਾਂ ਸਾਡੇ ਸਵਾਲਾਂ ਦਾ ਜਵਾਬ ਦੇਣ।



ਆਵਾਜ਼ਿ ਕੌਮ AWAZE QAUM International Newspaper & WEB TV

- ਭੁਪਿੰਦਰ ਸਿੰਘ ਛੇ ਜੂਨ
(ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)
ਮੋ : 9888429938

*****************************************



**ਸ਼੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸ਼੍ਰੋਮਣੀ ਅਕਾਲੀ ਦੀ ਭਰਤੀ ਵਾਸਤੇ ਚੁਣੇ ਨੁਮਾਇੰਦੇ ਸ ਗੁਰਪ੍ਰਤਾਪ ਸਿੰਘ ਜੀ ਵਡਾਲਾ ਸਾਬ ਇਸ ਐਤਵਾਰ 4 ਮਈ ਗੁਰੂ ਤੇਗ. ਬਹਾਦਰ ਗੁਰਦੁਆਰਾ ਸਾਹਿਬ ਲੈਸਟਰ ਵਿਖੇ ਤਕਰੀਬਨ 11.30 ਵਜੇ ਸੰਗਤਾਂ ਨੂੰ ਸੰਬੋਧਨ ਹੋਣਗੇ ਕਿਰਪਾ ਕਰਕੇ ਵੱਧ ਚੜ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।**

ਆਵਾਜ਼ਿ ਕੌਮ AWAZE QAUM International Newspaper & WEB TV

IN LOVING MEMORY OF



27TH DECEMBER 1964 - 26TH APRIL 2025

# BALVIR SINGH BUTTAR

## FRIDAY 2ND MAY

Antam Darsham: 12:10pm - 1:00pm

**102 Denmore Gardens, WV1 2BP**

Antam Sanskar: 2.10pm - 2.40pm

**Stourbridge Cemetery & Crematorium**

South Rd, Stourbridge DY8 3RQ

Sehj Path Bhog : 4:00pm

**Nanaksar Thath Isher Darbar**

1 Mander Street, Wolverhampton, WV3 0JU

ਆਵਾਜ਼ਿ ਕੌਮ AWAZE QAUM
International Newspaper & WEB TV